SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 35 | Monday, February 19, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' **Online**ਰੋਜ਼ਾਨਾ ਪੜ੍ਹ ਸਕਦੇ ਹੋ

## ਤੇਜ਼ ਰਫਤਾਰ ਗੱਡੀ ਖੰਭੇ ਨਾਲ ਟਕਰਾਈ, ਇੱਕ ਹਲਾਕ, ਚਾਰ ਜ਼ਖ਼ਮੀ

ਨੌਰਥ ਯੌਰਕ, 18 ਫਰਵਰੀ (ਪੋਸਟ ਬਿਊਰੋ) : ਐਤਵਾਰ ਸਵੇਰੇ ਕਿੰਗ ਟਾਊਨਸ਼ਿਪ ਵਿੱਚ ਤੇਜ਼ ਰਫਤਾਰ ਨਾਲ ਜਾ ਰਹੀ ਇੱਕਲੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ। ਯੌਰਕ ਰੀਜਨ ਦੀ ਪੁਲਿਸ ਇਸ ਹਾਦਸੇ ਦੇ ਚਸ਼ਮਦੀਦਾਂ ਦੀ ਭਾਲ ਕਰ ਰਹੀ ਹੈ।

ਇਹ ਹਾਦਸਾ ਨੋਬਲਟਨ ਕਮਿਊਨਿਟੀ ਦੇ ਪੂਰਬ ਵੱਲ ਕਿੰਗ ਰੋਡ ਤੇ 8ਥ ਕੰਸੈਸ਼ਨ ਦੇ ਇੰਟਰਸੈਕਸ਼ਨ ਉੱਤੇ ਹੋਇਆ। ਪੁਲਿਸ ਨੇ ਦੱਸਿਆ ਕਿ ਹਾਦਸੇ ਦੀ ਜਾਣਕਾਰੀ ਦੇ ਕੇ ਉਨ੍ਹਾਂ ਨੂੰ ਸਵੇਰੇ 7:00 ਵਜੇ ਤੋਂ ਪਹਿਲਾਂ ਉੱਥੇ ਸੱਦਿਆ ਗਿਆ। ਉਨ੍ਹਾਂ ਦੱਸਿਆ ਕਿ ਮੌਕੇ ਉੱਤੇ ਉਨ੍ਹਾਂ ਨੂੰ ਕਾਲੇ ਰੰਗ ਦੀ ਇਨਫਿਨਿਟੀ ਜੀ37 ਖੰਭੇ ਨਾਲ ਟਕਰਾਈ ਮਿਲੀ। ਗੱਡੀ ਵਿੱਚ ਛੇ ਲੋਕ ਸਵਾਰ ਸਨ। ਮੌਕੇ ਉੱਤੇ ਪਹੁੰਚੇ ਫਰਸਟ ਰਿਸਪਾਂਡਰਜ਼ ਦੀਆਂ ਵਾਰੀ ਵਾਰੀ



ਕੀਤੀਆਂ ਗਈ ਲਾਈਫ ਸੇਵਿੰਗ ਕੋਸ਼ਿਸ਼ਾਂ ਦੇ ਬਾਵਜੂਦ ਬਰੈਂਪਟਨ ਦੀ 18 ਸਾਲਾ ਲੜਕੀ ਦੀ ਮੌਤ ਹੋ ਗਈ।

ਇੱਕ ਹੋਰ ਬਰੈਂਪਟਨ ਦੇ ਹੀ 18 ਸਾਲਾ ਲੜਕੇ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਉਸ ਦਾ ਇਲਾਜ ਕੀਤਾ ਜਾ ਰਿਹਾ ਹੈ। 19 ਸਾਲਾਂ ਦੀਆਂ ਦੋ ਹੋਰ ਲੜਕੀਆਂ, ਜੋ ਕਿ ਵੈਲੈਂਡ ਤੇ ਸੇਂਟ ਕੈਥਰੀਨਜ਼ ਤੋਂ ਸਨ, ਨੂੰ ਵੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਬਰੈਂਪਟਨ ਦੇ ਹੀ ਇੱਕ ਹੋਰ 18 ਸਾਲਾਂ ਦੇ ਲੜਕੇ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਉਸ ਦਾ ਇਲਾਜ ਕਰ ਦਿੱਤਾ ਗਿਆ। ਬਰੈਂਪਟਨ ਦੇ ਹੀ 18 ਸਾਲਾ ਡਰਾਈਵਰ ਨੂੰ ਇਸ ਹਾਦਸੇ ਵਿੱਚ ਕੋਈ ਸੱਟ-ਫੇਟ ਨਹੀਂ ਲੱਗੀ।

ਪੁਲਿਸ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਿਆ ਹੈ ਕਿ ਇਹ ਗੱਡੀ ਕਿੰਗ ਰੋਡ ਦੇ ਪੱਛਮ ਵੱਲ ਤੇਜ਼ ਰਫਤਾਰ ਨਾਲ ਜਾ ਰਹੀ ਸੀ ਜਦੋਂ ਇਹ ਹਾਦਸਾ ਵਾਪਰਿਆ। ਪੁਲਿਸ ਵੱਲੋਂ ਚਸ਼ਮਦੀਦਾਂ ਨੂੰ ਸਾਹਮਣੇ ਆਉਣ ਲਈ ਆਖਿਆ ਜਾ ਰਿਹਾ ਹੈ।

## ਕਾਰਜੈਕਿੰਗ ਤੋਂ ਕੁੱਝ ਦੇਰ ਬਾਅਦ ਹੀ ਬੀਐਮਡਬਲਿਊ ਹੋਈ ਹਾਦਸਾਗ੍ਰਸਤ

ਟੋਰਾਂਟੋ, 18 ਫਰਵਰੀ (ਪੋਸਟ ਬਿਊਰੋ) :ਬੀਤੇ ਦਿਨੀਂ ਵੀਰਵਾਰ ਰਾਤ ਨੂੰ ਕਥਿਤ ਤੌਰ ਉੱਤੇ ਇੱਕ ਕਾਰ ਚੋਰੀ ਕਰਨ ਤੋਂ ਬਾਅਦ ਮਸ਼ਕੂਕਾਂ ਨੇ ਉਸ ਨੂੰ ਕਰੈਸ਼ ਕਰ ਦਿੱਤਾ। ਟੋਰਾਂਟੋ ਪੁਲਿਸ ਇਸ ਕਾਰੇ ਨੂੰ ਅੰਜਾਮ ਦੇਣ ਵਾਲੇ ਦੋ ਮਸ਼ਕੂਕਾਂ ਨੂੰ ਲੱਭ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਰਾਤੀਂ 10:00 ਵਜੇ ਦੇ ਨੇੜੇ ਤੇੜੇ ਫਿੰਚ ਐਵਨਿਊ ਤੇ ਡੌਨ ਮਿੱਲਜ਼ ਰੋਡ ਨੇੜੇ ਪਲਾਜ਼ਾ ਦੇ ਪਾਰਕਿੰਗ ਲੌਟ ਵਿੱਚ ਪਾਰਕ ਕੀਤੀ ਗਈ ਆਪਣੀ ਬੀਐਮਡਬਲਿਊ ਵੱਲ ਜਾ ਰਿਹਾ ਸੀ ਜਦੋਂ ਕਾਲੇ ਰੰਗ ਦੇ ਕੱਪੜਿਆਂ ਵਿੱਚ ਦੋ ਵਿਅਕਤੀਆਂ ਨੇ ਉਸ ਕੋਲ ਪਹੁੰਚ ਕੀਤੀ। ਉਨ੍ਹਾਂ ਕੋਲ ਗੰਨ ਵੀ ਲੱਗ ਰਹੀ ਸੀ। ਮਸ਼ਕੂਕਾਂ ਨੇ ਉਸ ਵਿਅਕਤੀ ਤੋਂ ਗੱਡੀ ਦੀਆਂ ਚਾਬੀਆਂ ਮੰਗੀਆਂ ਤੇ ਫਿਰ ਉਸ ਦੀ ਗੱਡੀ ਲੈ ਕੇ ਉੱਥੋਂ ਫਰਾਰ ਹੋ



ਗਏ। ਪੁਲਿਸ ਨੇ ਦੱਸਿਆ ਕਿ ਚੋਰੀ ਦੀ ਇਸ ਗੱਡੀ ਨੂੰ ਕੁੱਝ ਮਿੰਟ ਬਾਅਦ ਹੀ ਮਸ਼ਕੂਕਾਂ ਨੇ ਲੈਜ਼ਲੀ ਸਟਰੀਟ ਨੇੜੇ ਹਾਈਵੇਅ 401 ਦੀਆਂ ਪੱਛਮ ਵਾਲੀਆਂ ਲੇਨਜ਼ ਵਿੱਚ ਕਰੈਸ਼ ਕਰ ਦਿੱਤਾ।

ਬੀਐਮਡਬਲਿਊ ਨੂੰ ਕਾਫੀ ਨੁਕਸਾਨ ਪਹੁੰਚਿਆ। ਦੋਵੇਂ ਮਸ਼ਕੂਕ ਘਟਨਾ ਵਾਲੀ ਥਾਂ ਤੋਂ ਪੈਦਲ ਹੀ ਫਰਾਰ ਹੋ ਗਏ। ਇਹ ਜਾਣਕਾਰੀ ਮਾਮਲੇ ਦੀ ਜਾਂਚ ਕਰ ਰਹੇ ਜਾਂਚਕਾਰਾਂ ਨੇ ਦਿੱਤੀ। ਪੁਲਿਸ ਵੱਲੋਂ ਅਜੇ ਵੀ ਇਨ੍ਹਾਂ ਦੋਵਾਂ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ। ਮਾਮਲੇ ਦੀ ਜਾਂਚ ਚੱਲ ਰਹੀ ਹੈ।

## ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤੀ ਮੰਗ: ਬਦਲਵੀਆਂ ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਦਿੱਤੀ ਜਾਵੇ

### ਕੇਂਦਰੀ ਪਿਊਸ਼ ਗੋਇਲ, ਅਰਜੁਨ ਮੁੰਡਾ ਅਤੇ ਨਿਤਿਆਨੰਦ ਰਾਏ ਅਤੇ ਕਿਸਾਨ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਮੀਟਿੰਗ



ਚੰਡੀਗੜ੍ਹ, 18 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਬਦਲਵੀਆਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦੀ ਮੰਗ ਕੀਤੀ। ਕੇਂਦਰੀ ਮੰਤਰੀਆਂ ਪਿਊਸ਼ ਗੋਇਲ, ਅਰਜੁਨ ਮੁੰਡਾ ਅਤੇ ਨਿਤਿਆਨੰਦ ਰਾਏ ਅਤੇ ਵੱਖ-ਵੱਖ ਕਿਸਾਨ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਮੋਜ਼ਮਬੀਕ ਅਤੇ ਕੋਲੰਬੀਆ ਤੋਂ ਦਾਲਾਂ ਦੀ ਦਰਾਮਦ ਦਾ ਮੁੱਦਾ ਚੁੱਕਿਆ।

ਉਨ੍ਹਾਂ ਕਿਹਾ ਕਿ ਇਹ ਦਰਾਮਦ ਦੋ ਅਰਬ ਡਾਲਰ ਤੋਂ ਵੱਧ ਹੈ ਅਤੇ ਜੇ ਦਾਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦਿੱਤਾ ਜਾਵੇ ਤਾਂ ਪੰਜਾਬ ਦਾਲਾਂ ਦੇ ਉਤਪਾਦਨ ਵਿੱਚ ਦੇਸ਼ ਵਿੱਚ ਮੋਹਰੀ ਹੋ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਪੰਜਾਬ ਨੇ ਹਰੀ ਕ੍ਰਾਂਤੀ ਕਾਰਨ ਉਪਜਾਊ ਮਿੱਟੀ ਤੇ ਪਾਣੀ ਦੀ ਵੱਧ ਵਰਤੋਂ ਕਰਕੇ ਆਪਣੇ ਇਸ ਇੱਕੋ-ਇੱਕ ਕੁਦਰਤੀ ਸਰੋਤ ਨੂੰ ਗੁਆ ਲਿਆ ਹੈ ਪਰ ਫਿਰ ਵੀ ਇਹ ਦੇਸ਼ ਵਿੱਚ ਦੂਜੀ ਹਰੀ ਕ੍ਰਾਂਤੀ ਹੋਵੇਗੀ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬੇ ਦੇ ਕਿਸਾਨ ਕਪਾਹ ਅਤੇ ਮੱਕੀ ਨੂੰ ਤਾਂ ਹੀ ਅਪਨਾ ਸਕਦੇ ਹਨ, ਜੇ ਉਨ੍ਹਾਂ ਨੂੰ ਇਨ੍ਹਾਂ ਫ਼ਸਲਾਂ ਦਾ ਐਮ.ਐਸ.ਪੀ. ਮਿਲੇ। ਉਨ੍ਹਾਂ ਕਿਹਾ ਕਿ ਇਨ੍ਹਾਂ ਫ਼ਸਲਾਂ ਦਾ ਯਕੀਨੀ ਮੰਡੀਕਰਨ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਲਈ ਉਤਸ਼ਾਹਿਤ ਕਰ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਵਿਸ਼ੇ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਸ ਸਬੰਧੀ ਗਰੰਟੀ ਮੰਗੀ ਗਈ ਅਤੇ ਕਿਹਾ ਗਿਆ ਕਿ ਇਨ੍ਹਾਂ ਫ਼ਸਲਾਂ ਦੀ ਖ਼ਰੀਦ ਲਈ ਸਮਝੌਤਾ ਕੀਤਾ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਦੇਸ਼ ਵਿੱਚ ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਣ ਵਿੱਚ ਮਦਦ ਕਰੇਗਾ ਕਿਉਂਕਿ ਇਹ ਲੋਕਾਂ ਲਈ ਲਾਹੇਵੰਦ ਹੋਵੇਗਾ। ਉਨ੍ਹਾਂ ਕਿਹਾ ਕਿ ਅੱਜ ਭਾਰਤ ਵਿਦੇਸ਼ਾਂ ਤੋਂ ਦਾਲਾਂ ਦੀ ਦਰਾਮਦ ਕਰਦਾ ਹੈ ਅਤੇ ਜੇ ਕਿਸਾਨਾਂ ਨੂੰ ਲਾਹੇਵੰਦ ਭਾਅ ਮਿਲ ਜਾਵੇ ਤਾਂ ਉਹ ਦਾਲਾਂ ਦਾ ਉਤਪਾਦਨ ਇੱਥੇ ਕਰ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਦੇਸ਼ ਦੇ ਵਿਦੇਸ਼ੀ ਭੰਡਾਰ ਦੀ ਬੱਚਤ ਹੋਣ ਦੇ ਨਾਲ-ਨਾਲ ਕਿਸਾਨਾਂ ਨੂੰ ਝੋਨੇ ਦੇ ਚੱਕਰ 'ਚੋਂ ਬਾਹਰ ਕੱਢਣ ਦੇ ਨਾਲ-ਨਾਲ ਸੂਬੇ ਦੇ ਕੀਮਤੀ ਪਾਣੀ ਦੀ ਵੀ ਬੱਚਤ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਬੈਠਕ ਵਿੱਚ ਕਿਸਾਨਾਂ ਦੇ ਵਕੀਲ ਵਜੋਂ ਸ਼ਿਰਕਤ ਕੀਤੀ ਸੀ ਅਤੇ ਅੰਤਮ ਫੈਸਲਾ ਸਬੰਧਤ ਧਿਰਾਂ ਨੇ ਲੈਣਾ ਹੈ। ਉਨ੍ਹਾਂ ਕਿਹਾ ਕਿ ਧਰਨੇ ਦੌਰਾਨ ਅਮਨ-ਸ਼ਾਂਤੀ ਤੇ ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਪਹਿਲਾਂ ਹੀ ਦੋ ਕਿਸਾਨ ਸ਼ਹੀਦ ਹੋ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੂਬੇ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਆਪਣਾ ਫ਼ਰਜ਼ ਨਿਭਾ ਰਹੇ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸੂਬੇ ਦੇ ਜਾਨ-ਮਾਲ ਦੀ ਰਾਖੀ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨਾਂ ਅਤੇ ਕੇਂਦਰ ਸਰਕਾਰ ਦਰਮਿਆਨ ਵਿਚਾਰ-ਵਟਾਂਦਰੇ ਲਈ ਦਰਵਾਜ਼ੇ ਖੁੱਲ੍ਹੇ ਹਨ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਕਿਸਾਨਾਂ ਅਤੇ ਕੇਂਦਰ ਸਰਕਾਰ ਵਿਚਕਾਰ ਮਸਲਾ ਜਲਦੀ ਹੱਲ ਹੋ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਰੀਬ ਪੰਜ ਜ਼ਿਲ੍ਹਿਆਂ ਵਿੱਚ ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ ਹਨ, ਜਿਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ 'ਤੇ ਮਾੜਾ ਅਸਰ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹੀਂ ਦਿਨੀਂ ਪ੍ਰੀਖਿਆਵਾਂ ਚੱਲ ਰਹੀਆਂ ਹਨ ਅਤੇ ਆਨਲਾਈਨ ਪੜ੍ਹਾਈ ਕੀਤੀ ਜਾ ਰਹੀ ਹੈ ਪਰ ਇੰਟਰਨੈੱਟ ਸੇਵਾਵਾਂ ਨੂੰ ਬੰਦ ਕਰਨਾ ਅਤਿ ਨਿੰਦਣਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਨਹੀਂ ਚਾਹੁੰਦੇ ਕਿ ਪੰਜਾਬ ਦਾ ਕੋਈ ਵੀ ਨੌਜਵਾਨ ਪਾਣੀ ਦੀਆਂ ਬੁਛਾੜਾਂ ਜਾਂ ਅੱਥਰੂ ਗੈਸ ਦੇ ਗੋਲਿਆਂ ਦਾ ਸਾਹਮਣਾ ਕਰੇ।

ਮਸਲਿਆਂ 'ਤੇ ਵਿਚਾਰ ਕਰਨ ਲਈ ਗੱਲਬਾਤ ਲਈ ਆਉਣ ਵਾਸਤੇ ਕੇਂਦਰ ਸਰਕਾਰ ਅਤੇ ਕਿਸਾਨਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮੁੱਦਿਆਂ ਦੇ ਹੱਲ ਲਈ ਇਹ ਸਹੀ ਪਲੇਟਫਾਰਮ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਅਤੇ ਲੋਕਾਂ ਦੇ ਵਡੇਰੇ ਹਿੱਤਾਂ ਵਿੱਚ ਗੱਲਬਾਤ ਦਾ ਦੌਰ ਜਾਰੀ ਰਹੇਗਾ।

## 24 ਘੰਟੇ ਅੰਦਰ ਬੱਸ ਸਟੌਪ ਉੱਤੇ ਦੋ ਵਾਰੀ ਚੱਲੀਆਂ ਗੋਲੀਆਂ ਕਾਰਨ ਇੱਕ ਹਲਾਕ, ਇੱਕ ਜ਼ਖ਼ਮੀ

### ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਹਮਲਾਵਰ ਮੌਕੇ ਤੋਂ ਫਰਾਰ

ਟੋਰਾਂਟੋ, 18 ਫਰਵਰੀ (ਪੋਸਟ ਬਿਊਰੋ) : ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 24 ਘੰਟੇ ਦੇ ਅੰਦਰ ਨੌਰਥਵੈਸਟ ਟੋਰਾਂਟੋ ਦੇ ਇੱਕੋ ਬੱਸ ਸਟੌਪ ਉੱਤੇ ਦੋ ਵਾਰੀ ਚੱਲੀਆਂ ਗੋਲੀਆਂ ਪਿੱਛੇ ਗੈਂਗ ਨਾਲ ਸਬੰਧਤ ਹਿੰਸਾ ਦਾ ਹੱਥ ਹੈ ਜਦਕਿ ਜਾਂਚਕਾਰਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੀ ਹਰਕਤ ਨੂੰ ਬਿਨਾਂ ਕਿਸੇ ਕਾਰਨ ਦੇ ਵੀ ਅੰਜਾਮ ਦਿੱਤਾ ਗਿਆ ਹੋ ਸਕਦਾ ਹੈ।

ਟੋਰਾਂਟੋ ਪੁਲਿਸ ਇੰਸਪੈਕਟਰ ਪੀਟਰ ਵਹਿਬੀ ਨੇ ਆਖਿਆ ਕਿ ਪੁਲਿਸ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਸ਼ੁੱਕਰਵਾਰ ਰਾਤ ਤੇ ਸ਼ਨਿੱਚਰਵਾਰ ਦੁਪਹਿਰ ਦਰਮਿਆਨ 21 ਘੰਟਿਆਂ ਦੇ ਵਕਫੇ ਨਾਲ ਜੇਨ ਸਟਰੀਟ ਤੇ ਡਰਿਫਟਵੁੱਡ ਐਵਨਿਊਜ਼ ਦੇ ਬੱਸ ਸਟੌਪ ਉੱਤੇ ਬੱਸ ਦੀ ਉਡੀਕ ਕਰ ਰਹੇ ਵਿਅਕਤੀ ਤੇ ਨੌਜਵਾਨ ਨੂੰ ਗੋਲੀ ਕਿਉਂ ਮਾਰੀ ਗਈ। ਵਹਿਬੀ ਨੇ ਆਖਿਆ ਕਿ ਬੱਸ ਸਟੌਪ ਉੱਤੇ ਬੱਸ ਦੀ ਉਡੀਕ ਕਰ ਰਹੇ ਕਿਸੇ ਵੀ ਵਿਅਕਤੀ ਨੂੰ ਬਿਨਾਂ ਮਤਲਬ ਗੋਲੀ ਮਾਰਨਾ ਨੌਰਮਲ ਗੱਲ ਨਹੀਂ ਹੈ। ਇਸ ਲਈ ਇਸ ਘਟਨਾ ਨੂੰ ਗੈਂਗ ਨਾਲ ਸਬੰਧਤ ਵਾਰਦਾਤ ਮੰਨਿਆਂ ਜਾ ਸਕਦਾ ਹੈ। ਪਰ ਅਜੇ ਇਸ ਦੀ ਪੁਸ਼ਟੀ ਨਹੀਂ ਕੀਤੀ ਜਾ ਸਕਦੀ।



ਜਾਂਚਕਾਰਾਂ ਨੇ ਦੱਸਿਆ ਕਿ ਸ਼ਨਿੱਚਰਵਾਰ ਨੂੰ ਦੁਪਹਿਰੇ 3:00 ਵਜੇ ਤੋਂ ਬਾਅਦ ਡਰਿਫਟਵੁੱਡ ਐਵਨਿਊ ਨੇੜੇ ਜੇਨ ਸਟਰੀਟ ਦੇ ਬੱਸ ਸਟੌਪ ਉੱਤੇ ਇੱਕ ਵਿਅਕਤੀ ਬੱਸ ਦੀ ਉਡੀਕ ਕਰ ਰਿਹਾ ਸੀ ਜਦੋਂ ਇੱਕ ਵਿਅਕਤੀ ਉਸ ਕੋਲ ਪਹੁੰਚਿਆ ਤੇ ਉਸ ਨੇ ਤਿੰਨ ਵਾਰੀ ਉਸ ਉੱਤੇ ਗੋਲੀ ਚਲਾਈ। ਹਮਲਾਵਰ ਦੀ ਉਮਰ 18 ਤੋਂ 30 ਸਾਲ ਦਰਮਿਆਨ ਦੱਸੀ ਜਾਂਦੀ ਹੈ। ਗੋਲੀ ਦੋ ਵਾਰੀ ਢਿੱਡ ਵਿੱਚ ਤੇ ਇੱਕ ਵਾਰੀ ਸਿਰ ਵਿੱਚ ਮਾਰੀ ਗਈ। ਇਸ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਹਮਲਾਵਰ ਮੌਕੇ ਤੋਂ ਫਰਾਰ ਹੋ ਗਿਆ। ਜ਼ਖ਼ਮੀ ਵਿਅਕਤੀ ਨੂੰ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਨੇ ਦੱਸਿਆ ਕਿ ਇਸੇ ਮਸ਼ਕੂਕ ਦੀ ਭਾਲ ਸ਼ੁੱਕਰਵਾਰ ਨੂੰ ਵਾਪਰੀ ਇੱਕ ਹੋਰ ਸ਼ੂਟਿੰਗ ਲਈ ਵੀ ਕੀਤੀ ਜਾ ਰਹੀ ਹੈ। ਇੱਕ 16 ਸਾਲਾ ਲੜਕਾ ਡਰਿਫਟਵੁੱਡ ਐਵਨਿਊ ਦੇ ਬੱਸ ਸਟੌਪ ਉੱਤੇ ਖੜ੍ਹਾ ਬੱਸ ਦੀ ਉਡੀਕ ਕਰ ਰਿਹਾ ਸੀ ਜਦੋਂ ਮਸ਼ਕੂਕ ਨੇ ਆ ਕੇ ਉਸ ਦੇ ਮੂੰਹ ਉੱਤੇ ਗੋਲੀ ਮਾਰੀ। ਜ਼ਖ਼ਮੀ ਲੜਕਾ ਇਸ ਸਮੇਂ ਨਾਜ਼ੁਕ ਪਰ ਸਥਿਰ ਹਾਲਤ ਵਿੱਚ ਹਸਪਤਾਲ ਵਿੱਚ ਜੇਰੇ ਇਲਾਜ ਹੈ। ਪੁਲਿਸ ਵੱਲੋਂ ਅਜੇ ਤੱਕ ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਤੇ ਇਹ ਪਤਾ ਲਾਉਣ ਦੀ ਕੋਸ਼ਿਸ਼ ਵੀ ਕੀਤੀ ਜਾ ਰਹੀ ਹੈ ਕਿ ਇਸ ਸਾਰੇ ਘਟਨਾਕ੍ਰਮ ਵਿੱਚ ਕਿੰਨੇ ਮਸ਼ਕੂਕ ਸ਼ਾਮਲ ਹਨ। ਵਹਿਬੀ ਨੇ ਆਖਿਆ ਕਿ ਜਾਂਚਕਾਰਾਂ ਨੇ ਇੱਕ ਕਾਲੇ ਰੰਗ ਦੀ ਐਕੂਰਾ ਆਰਡੀਐਕਸ ਲੋਕੇਟ ਕੀਤੀ ਹੈ ਜਿਸ ਦਾ ਇਨ੍ਹਾਂ ਸ਼ੂਟਿੰਗਜ਼ ਨਾਲ ਸਬੰਧ ਹੋ ਸਕਦਾ ਹੈ। ਪੁਲਿਸ ਵੱਲੋਂ ਇਲਾਕੇ ਵਿੱਚ ਗਸ਼ਤ ਵਧਾ ਦਿੱਤੀ ਗਈ ਹੈ।

## ਐਸਯੂਵੀ ਘਰ ਨਾਲ ਟਕਰਾਈ, 4 ਜ਼ਖ਼ਮੀ

ਇਟੋਬੀਕੋ, 18 ਫਰਵਰੀ (ਪੋਸਟ ਬਿਊਰੋ) : ਉੱਤਰੀ ਇਟੋਬੀਕੋ ਵਿੱਚ ਇੱਕ ਐਸਯੂਵੀ ਦੇ ਘਰ ਨਾਲ ਟਕਰਾ ਜਾਣ ਕਾਰਨ ਚਾਰ ਵਿਅਕਤੀ ਜ਼ਖ਼ਮੀ ਹੋ ਗਏ। ਇਲਾਜ ਲਈ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਇੱਕ ਗੱਡੀ ਦੇ ਘਰ ਨਾਲ ਟਕਰਾ ਜਾਣ ਦੀ ਜਾਣਕਾਰੀ ਦੇ ਕੇ ਐਤਵਾਰ ਸ਼ਾਮੀਂ 5:00 ਵਜੇ ਤੋਂ ਪਹਿਲਾਂ ਐਲਬੀਅਨ ਰੋਡ ਤੇ ਐਰਕੌਟ ਬੁਲੇਵਾਰਡ ਇਲਾਕੇ ਵਿੱਚ ਫਾਇਰ ਅਮਲੇ ਨੂੰ ਸੱਦਿਆ ਗਿਆ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਦੋ ਰਾਹਗੀਰਾਂ ਨੂੰ ਐਸਯੂਵੀ ਵੱਲੋਂ ਟੱਕਰ ਮਾਰੀ ਗਈ ਤੇ ਉਨ੍ਹਾਂ ਵਿੱਚੋਂ ਇੱਕ ਗੱਡੀ ਦੇ ਥੱਲੇ ਫਸ ਗਿਆ। ਉਨ੍ਹਾਂ ਨੂੰ ਨੇੜਲੇ ਹਸਪਤਾਲ ਲਿਜਾਇਆ ਗਿਆ, ਜਿੱਥੇ



ਇੱਕ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ।

ਪੁਲਿਸ ਨੇ ਦੱਸਿਆ ਕਿ ਐਸਯੂਵੀ ਦੇ ਡਰਾਈਵਰ ਤੇ ਪੈਸੈਂਜਰ ਨੂੰ ਵੀ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਪਰ ਖਤਰੇ ਤੋਂ ਬਾਹਰ ਦੱਸੀ ਗਈ।

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6 Brampton, ON, L6P 3W4
Providing excellent quality legal services to our clients

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਭਾਜਪਾ ਵੰਨੀਂ ਕਈ ਦੌੜਦੇ ਜਾਣ ਲੀਡਰ,
ਚੂਹਿਆਂ ਵਾਂਗ ਹੈ ਲੱਗੀ ਪਈ ਦੌੜ ਬੇਲੀ।
ਜਿੱਦਾਂ ਪਸ਼ੂ ਹਰਿਆਲੀ ਵੱਲ ਲਾਏ ਦੌੜਾਂ,
ਏਦਾਂ ਨਿਕਲ ਪਏ ਵੇਖ ਕੁਝ ਔੜ ਬੇਲੀ।
ਕਾਂਗਰਸ ਪਾਰਟੀ ਛੱਡਣ ਦੀ ਹੋੜ ਲਾਈ,
ਜਿਨ੍ਹਾਂ ਆਪ ਕੀਤਾ ਏ ਝੁੱਗਾ ਚੌੜ ਬੇਲੀ।
ਜੀ-ਹਜ਼ੂਰੀਏ ਸਨ ਨਹਿਰੂ-ਗਾਂਧੀਆਂ ਦੇ,
ਸੁਣਦੇ ਕੱਢ ਰਹੇ ਜਿਹੜੇ ਨੇ ਕੌੜ ਬੇਲੀ।
ਕਾਂਗਰਸ ਵਿੱਚ ਨਾ ਜਿਨ੍ਹਾਂ ਦੀ ਬਣੀ ਹੈਸੀ,
ਭਾਜਪਾ ਵਿੱਚ ਇਕੱਠੇ ਫਿਰ ਹੋਣਗੇ ਉਹ।
ਪੱਲੇ ਪੈਣਾ ਨਮੋਸ਼ੀ ਤੋਂ ਬਿਨਾਂ ਕੁਝ ਨਹੀਂ,
ਭੁੱਬਾਂ ਮਾਰਨਗੇ ਤੇ ਬਹਿ ਕੇ ਰੋਣਗੇ ਉਹ।

**ਤੀਸ ਮਾਰ ਖਾਂ**

# ਤੇਜਿੰਦਰਪਾਲ ਸਿੰਘ ਤੂਰ ਤੇ ਹਰਮਿਲਨ ਬੈਂਸ ਨੇ ਏਸ਼ੀਅਨ ਇੰਡੋਰ ਅਥਲੈਟਿਕਸ ਚੈਂਪੀਅਨਸ਼ਿਪ ’ਚ ਸੋਨ ਤਮਗੇ ਜਿੱਤੇ

ਚੰਡੀਗੜ੍ਹ, 18 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਏਸ਼ੀਅਨ ਇੰਡੋਰ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਸੋਨ ਤਮਗੇ ਜਿੱਤਣ ਵਾਲੇ ਅਥਲੀਟਾਂ ਤੇਜਿੰਦਰ ਪਾਲ ਸਿੰਘ ਤੂਰ ਤੇ ਹਰਮਿਲਨ ਬੈਂਸ ਅਤੇ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਪਹਿਲੀ ਵਾਰ ਚੈਂਪੀਅਨ ਬਣੀ ਭਾਰਤੀ ਮਹਿਲਾ ਬੈਡਮਿੰਟਨ ਟੀਮ ਨੂੰ ਮੁਬਾਰਕਬਾਦ ਦਿੱਤੀ ਹੈ।

ਤਹਿਰਾਨ ਵਿਖੇ ਚੱਲ ਰਹੀ ਏਸ਼ੀਅਨ ਇੰਡੋਰ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਅਥਲੀਟ ਤੇਜਿੰਦਰ ਪਾਲ ਸਿੰਘ ਤੂਰ ਨੇ ਸ਼ਾਟਪੁੱਟ ਮੁਕਾਬਲੇ ਅਤੇ ਹਰਮਿਲਨ ਬੈਂਸ ਨੇ 1500 ਮੀਟਰ ਵਿੱਚ ਸੋਨ ਤਮਗ਼ੇ ਜਿੱਤਿਆ। ਤੇਜਿੰਦਰ ਤੂਰ ਨੇ 19.72 ਮੀਟਰ ਗੋਲਾ ਸੁੱਟ ਕੇ ਨਵਾਂ ਕੌਮੀ ਰਿਕਾਰਡ ਵੀ



ਬਣਾਇਆ। ਆਪਣੇ ਸ਼ਾਨਦਾਰ ਖੇਡ ਕਰੀਅਰ ਵਿੱਚ ਤੂਰ ਇਸ ਤੋਂ ਪਹਿਲਾਂ ਵਾਰ ਦੋ ਵਾਰ ਏਸ਼ੀਅਨ ਗੇਮਜ਼ ਅਤੇ ਤਿੰਨ ਵਾਰ ਏਸ਼ੀਅਨ ਚੈਂਪੀਂਅਨਸ਼ਿਪ ਵਿੱਚ ਵੀ ਸੋਨ ਤਮਗ਼ਾ ਜਿੱਤ ਚੁੱਕੇ ਹਨ।1500 ਮੀਟਰ ਵਿੱਚ 4.29.55 ਦੇ ਸਮੇਂ ਨਾਲ ਸੋਨ ਤਮਗ਼ਾ ਜਿੱਤਣ ਵਾਲੀ ਹਰਮਿਲਨ ਨੇ ਪਿਛਲੇ ਸਾਲ ਏਸ਼ੀਅਨ ਗੇਮਜ਼ ਵਿੱਚ ਦੋ ਚਾਂਦੀ ਦੇ ਤਮਗ਼ੇ ਜਿੱਤੇ ਸਨ।

ਦੂਜੇ ਪਾਸੇ ਮਲੇਸ਼ੀਆ ਵਿਖੇ ਬੈਡਮਿੰਟਨ ਏਸ਼ੀਅਨ ਟੀਮ ਚੈਂਪੀਅਨਸ਼ਿਪ ਵਿੱਚ ਭਾਰਤੀ ਮਹਿਲਾ ਬੈਡਮਿੰਟਨ ਟੀਮ ਨੇ ਫ਼ਾਈਨਲ ਵਿੱਚ ਥਾਈਲੈਂਡ ਨੂੰ 3-2 ਨਾਲ ਹਰਾ ਕੇ ਸੋਨ ਤਮਗਾ ਜਿੱਤਿਆ।ਭਾਰਤੀ ਮਹਿਲਾ ਟੀਮ ਨੇ ਪਹਿਲੀ ਵਾਰ ਏਸ਼ੀਅਨ ਚੈਂਪੀਅਨਸ਼ਿਪ ਜਿੱਤੀ ਹੈ। ਪੰਜਾਬ ਦੀ ਤਨਵੀ ਸ਼ਰਮਾ ਇਸ ਟੀਮ ਦੀ ਮੈਂਬਰ ਹੈ।

ਖੇਡ ਮੰਤਰੀ ਮੀਤ ਹੇਅਰ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਪੰਜਾਬ ਲਈ ਇਹ ਮਾਣ ਵਾਲੀ ਗੱਲ ਹੈ ਕਿ ਖੇਡਾਂ ਦੇ ਖੇਤਰ ਵਿੱਚ ਸਾਡੇ ਖਿਡਾਰੀਆਂ ਦੇ ਨਿਰੰਤਰ ਚੰਗੇ ਨਤੀਜੇ ਆ ਰਹੇ ਹਨ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉੱਤੇ ਪੰਜਾਬ ਨੇ ਅਜਿਹੀ ਖੇਡ ਨੀਤੀ ਬਣਾਈ ਹੈ ਕਿ ਜਿਸ ਨਾਲ ਖਿਡਾਰੀਆਂ ਨੂੰ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰੀ ਲਈ ਨਗਦ ਰਾਸ਼ੀ ਦਿੱਤੀ ਜਾ ਰਹੀ ਹੈ ਅਤੇ ਖਿਡਾਰੀਆਂ ਨੂੰ ਨਗਦ ਇਨਾਮ ਵੀ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਾਲ ਖਿਡਾਰੀਆਂ ਲਈ ਸਭ ਤੋਂ ਅਹਿਮ ਹੈ ਕਿਉਂਕਿ ਅਗਸਤ ਮਹੀਨੇ ਪੈਰਿਸ ਵਿਖੇ ਓਲੰਪਿਕ ਖੇਡਾਂ ਹੋਣੀਆਂ ਹੈ। ਓਲੰਪਿਕਸ ਵਿੱਚ ਹਿੱਸਾ ਲੈਣ ਜਾਣ ਵਾਲੇ ਪੰਜਾਬ ਦੇ ਹਰ ਖਿਡਾਰੀ ਨੂੰ 15 ਲੱਖ ਰੁਪਏ ਤਿਆਰੀ ਲਈ ਮਿਲਣਗੇ।

# ਛੁਰੇਬਾਜ਼ੀ ਕਾਰਨ ਇੱਕ ਵਿਅਕਤੀ ਦੀ ਹਾਲਤ ਨਾਜ਼ੁਕ, ਇੱਕ ਹਿਰਾਸਤ ਵਿੱਚ



ਟੋਰਾਂਟੋ, 18 ਫਰਵਰੀ (ਪੋਸਟ ਬਿਊਰੋ) : ਬੀਤੇ ਦਿਨੀਂ ਵੀਰਵਾਰ ਰਾਤ ਨੂੰ ਵਿਲਸਨ ਸਬਵੇਅ ਸਟੇਸ਼ਨ ਉੱਤੇ ਛੁਰੇਬਾਜ਼ੀ ਕਾਰਨ ਇੱਕ ਵਿਅਕਤੀ, ਜੋ ਕਿ ਆਪਣੇ 50ਵਿਆਂ ਵਿੱਚ ਸੀ, ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਛੁਰੇਬਾਜ਼ੀ ਦੀ ਜਾਣਕਾਰੀ ਦੇ ਕੇ ਸ਼ਾਮੀਂ 5:30 ਵਜੇ ਦੇ ਨੇੜੇ ਤੇੜੇ ਸਟੇਸ਼ਨ ਉੱਤੇ ਸੱਦਿਆ ਗਿਆ। ਪੈਰਾਮੈਡਿਕਸ ਜ਼ਖ਼ਮੀ ਵਿਅਕਤੀ ਨੂੰ ਨੇੜਲੇ ਟਰੌਮਾ ਸੈਂਟਰ ਲੈ ਕੇ ਗਏ ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ। ਪਰ ਬਾਅਦ ਵਿੱਚ ਉਸ ਦੀ ਹਾਲਤ ਨਾਜ਼ੁਕ ਹੋ ਗਈ। ਇੱਕ ਮਹਿਲਾ, ਜੋ ਕਿ ਆਪਣੇ 20ਵਿਆਂ ਵਿੱਚ ਸੀ, ਨੂੰ ਵੀ ਮਾਮੂਲੀ ਸੱਟਾਂ ਲੱਗੀਆਂ। ਪਰ ਇਹ ਪਤਾ ਨਹੀਂ ਲੱਗ ਸਕਿਆ ਕਿ ਉਸ ਨੂੰ ਇਹ ਸੱਟਾਂ ਕਿਵੇਂ ਲੱਗੀਆਂ। ਪੁਲਿਸ ਨੇ ਦੱਸਿਆ ਕਿ ਉਸ ਮਹਿਲਾ ਨੂੰ ਮੌਕੇ ਤੋਂ ਹਿਰਾਸਤ ਵਿੱਚ ਲੈ ਲਿਆ ਗਿਆ। ਜਾਂਚਕਾਰ ਦੂਜੇ ਮਸ਼ਕੂਕ ਦੀ ਭਾਲ ਕਰ ਰਹੇ ਹਨ। 21 ਸਾਲਾ ਇਸ ਮਸ਼ਕੂਕ ਬਾਰੇ ਜਾਰੀ ਕੀਤੀ ਗਈ ਜਾਣਕਾਰੀ ਅਨੁਸਾਰ ਇਹ ਪੰਜ ਫੁੱਟ 11 ਇੰਚ ਦਾ ਵਿਅਕਤੀ ਹੈ ਜਿਸ ਨੂੰ ਆਖਰੀ ਵਾਰੀ ਕਾਲੇ ਰੰਗ ਦੇ ਕੱਪੜਿਆਂ ਵਿੱਚ ਵੇਖਿਆ ਗਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਛੁਰੇਬਾਜ਼ੀ ਵਿੱਚ 2 ਮਹਿਲਾਵਾਂ ਹਲਾਕ, ਇੱਕ ਜ਼ਖ਼ਮੀ

ਮਾਂਟਰੀਅਲ, 18 ਫਰਵਰੀ (ਪੋਸਟ ਬਿਊਰੋ) : ਵੀਰਵਾਰ ਸਵੇਰੇ ਮਾਂਟਰੀਅਲ ਦੇ ਪੱਛਮ ਵੱਲ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਇੱਕ ਵਿਅਕਤੀ ਵੱਲੋਂ ਚਾਕੂ ਨਾਲ ਕੀਤੇ ਗਏ ਹਮਲੇ ਵਿੱਚ ਦੋ ਮਹਿਲਾਵਾਂ ਦੀ ਮੌਤ ਹੋ ਗਈ ਜਦਕਿ ਇੱਕ ਹੋਰ ਜ਼ਖ਼ਮੀ ਹੋ ਗਈ। ਪੁਲਿਸ ਵੱਲੋਂ 44 ਸਾਲਾ ਮਸ਼ਕੂਕ ਨੂੰ ਮੌਕੇ ਤੋਂ ਗ੍ਰਿਫਤਾਰ ਕਰ ਲਿਆ ਗਿਆ। ਸੂਤਰਾਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮ੍ਰਿਤਕ ਮਹਿਲਾਵਾਂ ਵਿੱਚੋਂ ਇੱਕ 68 ਸਾਲਾ ਮਹਿਲਾ ਤਾਂ ਮਸ਼ਕੂਕ ਦੀ ਮਾਂ ਹੀ ਸੀ ਜਦਕਿ ਦੋ ਹੋਰ ਮਹਿਲਾਵਾਂ ਇਸੇ ਰਿਹਾਇਸ਼ੀ ਬਿਲਡਿੰਗ ਵਿੱਚ ਰਹਿੰਦੀਆਂ ਸਨ।ਸੁਰੇਤੇ ਡੂ ਕਿਊਬਿਕ (ਐਸਕਿਊ) ਅਨੁਸਾਰ 68 ਤੇ 53 ਸਾਲਾ ਦੋਵਾਂ ਮਹਿਲਾਵਾਂ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।ਇਹ ਘਟਨਾ ਮਾਂਟਰੀਅਲ ਦੇ ਸਬਅਰਬ ਵਾਡਰੀਉਲ ਡਰੀਓਨ ਇਲਾਕੇ ਵਿੱਚ ਵਾਪਰੀ।

ਐਸਕਿਊ ਨੇ ਆਖਿਆ ਕਿ ਉਨ੍ਹਾ ਨੂੰ ਐਮਿਲ ਬੁਚਰਡ ਸਟਰੀਟ ਉੱਤੇ ਸਥਿਤ ਇਸ ਹਾਈਰਾਈਜ਼ ਬਿਲਡਿੰਗ ਵਿੱਚ ਦੁਪਹਿਰ ਤੋਂ ਠੀਕ ਪਹਿਲਾਂ ਸੱਦਿਆ ਗਿਆ ਤੇ ਉੱਥੇ ਉਨ੍ਹਾਂ ਨੂੰ ਤਿੰਨ ਮਹਿਲਾਵਾਂ ਛੁਰੇਬਾਜ਼ੀ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੀਆਂ।ਜ਼ਖ਼ਮੀ ਹੋਈ ਤੀਜੀ 70 ਸਾਲਾ ਮਹਿਲਾ ਨੂੰ ਨਾਜ਼ੁਕ ਹਾਲਤ ਵਿੱਚ ਮਾਂਟਰੀਅਲ ਦੇ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ। ਐਸਕਿਊ ਨੇ ਦੱਸਿਆ ਕਿ ਮਸ਼ਕੂਕ ਨੂੰ ਵੀ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਭੇਜਿਆ ਗਿਆ ਤੇ ਬਾਅਦ ਵਿੱਚ ਉਸ ਕੋਲੋਂ ਪੁੱਛਗਿੱਛ ਕੀਤੀ ਜਾਵੇਗੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਕੇਂਦਰ ਨੂੰ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ : ਡੱਲੇਵਾਲ

ਚੰਡੀਗੜ੍ਹ, 18 ਫਰਵਰੀ (ਪੋਸਟ ਬਿਊਰੋ): ਐਤਵਾਰ ਨੂੰ ਇੱਥੇ ਕੇਂਦਰੀ ਮੰਤਰੀਆਂ ਨਾਲ ਗੱਲਬਾਤ ਕਰਨ ਤੋਂ ਪਹਿਲਾਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਟਾਲ-ਮਟੋਲ ਦੀ ਨੀਤੀ ਨਹੀਂ ਅਪਣਾਉਣੀ ਚਾਹੀਦੀ ਅਤੇ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ। ਅਗਲੇ ਮਹੀਨੇ ਲੋਕ ਸਭਾ ਚੋਣਾਂ ਦਾ ਐਲਾਨ ਹੋ ਸਕਦਾ ਹੈ। ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਦੀ ਕਾਨੂੰਨੀ ਗਾਰੰਟੀ ਅਤੇ ਕਿਸਾਨ ਕਰਜ਼ਾ ਮੁਆਫ਼ੀ ਸਮੇਤ ਵੱਖ-ਵੱਖ ਮੰਗਾਂ ਨੂੰ ਲੈ ਕੇ ਤਿੰਨ ਕੇਂਦਰੀ ਮੰਤਰੀਆਂ ਅਤੇ ਕਿਸਾਨ ਆਗੂਆਂ ਵਿਚਕਾਰ ਸ਼ਾਮ ਲਗਭਗ 6 ਵਜੇ ਇੱਥੇ ਬੈਠਕ ਹੋਣੀ



ਹੈ।

ਇਹ ਬੈਠਕ ਅਜਿਹੇ ਸਮੇਂ ਹੋਣੀ ਹੈ ਜਦੋਂ ਹਜ਼ਾਰਾਂ ਕਿਸਾਨ ਆਪਣੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਦੀ ਸਰਹੱਦ ‘ਤੇ ਸ਼ੰਭੂ ਅਤੇ ਖਨੌਰੀ ਬਾਰਡਰ ‘ਤੇ ਖੜ੍ਹੇ ਹਨ ਅਤੇ ਉਨ੍ਹਾਂ ਨੂੰ ਰਾਸ਼ਟਰੀ ਰਾਜਧਾਨੀ ‘ਚ ਦਾਖਲ ਹੋਣ ਤੋਂ ਰੋਕਣ ਲਈ ਵੱਡੀ ਗਿਣਤੀ ‘ਚ ਸੁਰੱਖਿਆ ਬਲ ਤਾਇਨਾਤ ਹਨ। ਇਸ ਤੋਂ ਪਹਿਲਾਂ ਕਿਸਾਨ ਆਗੂਆਂ ਅਤੇ ਤਿੰਨ ਕੇਂਦਰੀ ਮੰਤਰੀਆਂ ਵਿਚਾਲੇ 8, 12 ਅਤੇ 15 ਫਰਵਰੀ ਨੂੰ ਗੱਲਬਾਤ ਹੋਈ ਸੀ, ਜੋ ਬੇਸਿੱਟਾ ਰਹੀ ਸੀ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਇਹ ਸਮਝਦੀ ਹੈ ਕਿ ਉਹ ਚੋਣ ਜ਼ਾ-ਬਤਾ ਲਾਗੂ ਹੋਣ ਤੱਕ ਬੈਠਕਾਂ ਜਾਰੀ ਰੱਖੇਗੀ ਅਤੇ ਫਿਰ ਕਹਿ ਦੇਵੇ ਕਿ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ, ਅਸੀਂ ਕੁਝ ਨਹੀਂ ਕਰ ਸਕਦੇ।ਇਸਤੋਂ ਪਹਿਲਾਂ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ . ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਅਰਜੁਨ ਮੁੰਡਾ, ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਅਤੇ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਕਿਸਾਨ ਆਗੂਆਂ ਨਾਲ ਬੈਠਕ ਕਰਨਗੇ।

# ਸੁਨਾਮ ਵਿਚ ਐਮਰਜੈਂਸੀ ਹਲਾਤ ’ਚ ਭਾਰਤੀ ਹਵਾਈ ਫੌਜ ਦਾ ਹੈਲੀਕਾਪਟਰ ਉਤਰਿਆ

ਸੁਨਾਮ ਊਧਮ ਸਿੰਘ ਵਾਲਾ, 18 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਸੁਨਾਮ ਊਧਮ ਸਿੰਘ ਵਾਲਾ ਦੇ ਪਿੰਡ ਢੱਡਰੀਆਂ ਵਿਖੇ ਤਕਨੀਕੀ ਨੁਕਸ ਪੈ ਜਾਣ ਕਾਰਨ ਐਮਰਜੈਂਸੀ ਹਲਾਤ ਵਿੱਚ ਉਤਰੇ ਭਾਰਤੀ ਹਵਾਈ ਫੌਜ ਦੇ ਇੱਕ ਚਿਨਕੂਕ ਹੈਲੀਕਾਪਟਰ ਵਿਚ ਸਵਾਰ ਫੌਜੀਆਂ ਨਾਲ ਤੁਰੰਤ ਰਾਬਤਾ ਕੀਤਾ ਅਤੇ ਲੋੜੀਂਦੀ ਪ੍ਰਸ਼ਾਸ਼ਨਿਕ ਮੱਦਦ ਮੁਹੱਈਆ ਕਰਵਾਈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਜਦੋਂ ਅੱਜ ਉਹ ਹਲਕੇ ਦੇ ਪਿੰਡਾਂ ਵਿੱਚ ਜਾਣ ਲਈ ਉਲੀਕੇ ਪ੍ਰੋਗਰਾਮਾਂ ਦੌਰਾਨ ਦੌਰੇ ਉੱਤੇ ਸਨ ਤਾਂ ਹਵਾਈ ਫੌਜ ਦੇ ਇਸ ਹੈਲੀਕਾਪਟਰ ਨੂੰ ਨੀਵੇਂ ਹੁੰਦੇ ਦੇਖਿਆ।



ਉਨ੍ਹਾਂ ਦੱਸਿਆ ਕਿ ਇਸ ਬਾਰੇ ਉਨ੍ਹਾਂ ਨੇ ਤੁਰੰਤ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਅਤੇ ਉਹ ਖੁਦ ਵੀ ਮੌਕੇ ਉਤੇ ਹੀ ਹੈਲੀਕਾਪਟਰ ਕੋਲ ਪਹੁੰਚ ਗਏ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਚਿਨਕੂ ਟਰਾਂਸਪੋਰਟਰ ਹੈਲੀਕਾਪਟਰ ਦੀ ਐਮਰਜੈਂਸੀ ਲੈਂਡਿੰਗ ਤੋਂ ਬਾਅਦ ਭਾਰਤੀ ਹਵਾਈ ਫੌਜ ਦੇ ਹੀ ਇਕ ਹੋਰ ਹੈਲੀਕਾਪਟਰ ਰਾਹੀਂ 2 ਤਕਨੀਕੀ ਮਾਹਰ ਮੌਕੇ ਉਤੇ ਪੁੱਜੇ ਅਤੇ ਖਰਾਬ ਹੋਏ ਹੈਲੀਕਾਪਟਰ ਦੀ ਮੁਰੰਮਤ ਦਾ ਕੰਮ ਸ਼ੁਰੂ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਦੂਜਾ ਹੈਲੀਕਾਪਟਰ ਇਨ੍ਹਾਂ ਦੋਵੇਂ ਇੰਜੀਨੀਅਰਾਂ ਨੂੰ ਉਤਾਰਨ ਮਗਰੋਂ ਵਾਪਸ ਪਰਤ ਗਿਆ। ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਫੌਜੀ ਜਵਾਨਾਂ ਨਾਲ ਗੱਲਬਾਤ ਕਰਦਿਆਂ ਤਕਨੀਕੀ ਨੁਕਸ ਸਬੰਧੀ ਮੁਢਲੀ ਜਾਣਕਾਰੀ ਹਾਸਲ ਕੀਤੀ ਗਈ। ਉਨ੍ਹਾਂ ਨੇ ਪ੍ਰਸ਼ਾਸਨ ਨਾਲ ਰਾਬਤਾ ਕਰਕੇ ਫ਼ੌਜੀ ਜਵਾਨਾਂ ਲਈ ਮੈਡੀਕਲ ਟੀਮ, ਭੋਜਨ ਆਦਿ ਮੰਗਵਾਏ ਅਤੇ ਸੁਰੱਖਿਅਤ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਇਜ਼ਰਾਈਲ-ਹਮਾਸ ਵਿਚਾਲੇ ਜੰਗ ਨੂੰ ਲੈ ਕੇ ਆਸਟ੍ਰੇਲੀਆ, ਨਿਊਜ਼ੀਲੈਂਡ ਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਉਠਾਈ ਜੰਗਬੰਦੀ ਦੀ ਮੰਗ

ਤਲਤਵੀਵ, 18 ਫਰਵਰੀ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾ-ਸਵਿਚਾਲੇ ਚੱਲ ਰਹੀ ਜੰਗ ਦਰਮਿਆਨ ਆਸਟ੍ਰੇਲੀਆ ਦੇ ਪੀਐਮ ਐਂਥਨੀ ਐਲਬਨੀਜ਼, ਨਿਊਜ਼ੀਲੈਂਡ ਦੇ ਪੀਐਮ ਕ੍ਰਿਸਟੋਫਰ ਲਕਸਨ ਅਤੇ ਕੈਨੇਡਾ ਦੇ ਪੀਐਮ ਜਸਟਿਨ ਟਰੂਡੋ ਨੇ ਮੰਗਾਂ ਉਠਾਈਆਂ ਹਨ। ਤਿੰਨਾਂ ਨੇ ਮਿਲ ਕੇ ਜੰਗਬੰਦੀ ਦੀ ਮੰਗ ਉਠਾਈ ਹੈ। ਇਸਦੇ ਨਾਲ ਹੀ ਤਿੰਨਾਂ ਨੇ ਇਸ ਜੰਗ ਵਿੱਚ ਹਮਾਸ ਵੱਲੋਂ ਬੰਧਕ ਬਣਾਏ ਗਏ ਲੋਕਾਂ ਦੀ ਰਿਹਾਈ ਦੀ ਵੀ ਮੰਗ ਕੀਤੀ ਹੈ।

ਇਜ਼ਰਾਈਲ ਅਤੇ ਫਿਲੀਸਤੀਨੀ ਸੰਗਠਨ ਹਮਾਸ ਵਿਚਾਲੇ 7 ਅਕਤੂਬਰ ਤੋਂ ਚੱਲ



ਰਹੀ ਜੰਗ ਅਜੇ ਵੀ ਜਾਰੀ ਹੈ। ਇਜ਼ਰਾਈਲ ‘ਤੇ ਹਮਾਸ ਦੇ ਰਾਕੇਟ ਹਮਲਿਆਂ ਅਤੇ ਘੁਸਪੈਠ ਦੇ ਹਮਲਿਆਂ ਵਿਚ ਲਗਭਗ 1,200 ਜਣੇ ਮਾਰੇ ਗਏ ਸਨ ਅਤੇ 200 ਤੋਂ ਵੱਧ ਜਣੇ ਨੂੰ ਹਮਾਸ ਨੇ ਬੰਧਕ ਬਣਾ ਲਿਆ ਸੀ। ਅਜਿਹੇ ‘ਚ ਇਜ਼ਰਾਈਲ ਨੇ ਹਮਾਸ ਤੋਂ ਬਦਲਾ ਲੈਂਦਿਆਂ ਗਾਜ਼ਾ ਅਤੇ ਆਲੇ-ਦੁਆਲੇ ਦੇ ਫਿਲੀਸਤੀਨੀ ਇਲਾਕਿਆਂ ‘ਤੇ ਹਮਲੇ ਕਰਕੇ ਜਵਾਬੀ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ। ਹਾਲਾਂਕਿ, 24 ਨਵੰਬਰ ਤੋਂ ਪਹਿਲਾਂ 4 ਦਿਨ, ਫਿਰ 2 ਦਿਨ ਅਤੇ ਫਿਰ 1 ਦਿਨ ਯਾਨੀ ਇਕ ਹਫਤੇ ਲਈ ਯੁੱਧ ਵਿਚ ਵਿਰਾਮ ਰਿਹਾ ਅਤੇ ਇਸ ਦੌਰਾਨ ਸ਼ੀਜਫਾਇਰ ਦੀ ਪਾਲਣਾ ਵੀ ਕੀਤੀ ਗਈ ਪਰ ਇਕ ਹਫਤੇ ਬਾਅਦ ਇਸ ਨੂੰ ਅੱਗੇ ਨਹੀਂ ਵਧਾਇਆ ਜਾ ਸਕਿਆ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

## ਕਰ ਵਿਭਾਗ ਵੱਲੋਂ ਜਾਅਲੀ ਆਈ.ਟੀ.ਸੀ. ਦਾ ਦਾਅਵਾ ਕਰਨ ਵਾਲਾ ਜੀ.ਐਸ.ਟੀ ਧੋਖੇਬਾਜ਼ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਕਾਬ : ਹਰਪਾਲ ਸਿੰਘ ਚੀਮਾ



ਚੰਡੀਗੜ੍ਹ, 18 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਆਬਕਾਰੀ ਅਤੇ ਕਰ ਵਿਭਾਗ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਫਤਿਹਗੜ੍ਹ ਸਾਹਿਬ ਪੁਲਿਸ ਦੇ ਨਾਲ ਇੱਕ ਸਾਂਝੇ ਆਪ੍ਰੇਸ਼ਨ ਰਾਹੀਂ ਇੱਕ ਜੀ.ਐਸ.ਟੀ ਧੋਖਾਧੜੀ ਕਰਨ ਵਾਲੇ ਇੱਕ ਅਜਿਹੇ ਸ਼ਖਸ ਨੂੰ ਗ੍ਰਿਫਤਾਰ ਕੀਤਾ ਹੈ ਜਿਸਦੇ ਦੁਆਰਾ 3.65 ਕਰੋੜ ਰੁਪਏ ਦਾ ਜਾਅਲੀ ਇੰਨਕਮ ਟੈਕਸ ਕ੍ਰੈਡਿਟ ਦਾ ਦਾਅਵਾ ਕੀਤਾ ਗਿਆ ਸੀ।

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਵਿਭਾਗ ਦੇ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਜ਼ਮ ਦੀਪਕ ਸ਼ਰਮਾ ਪੁੱਤਰ ਸੁਰਿੰ-ਦਰ ਪਾਲ ਸ਼ਰਮਾ ਨੂੰ 25 ਜਨਵਰੀ, 2023 ਨੂੰ ਡਿਪਟੀ ਕਮਿਸ਼ਨਰ ਸਟੇਟ ਟੈਕਸ, ਲੁਧਿਆਣਾ ਵੱਲੋਂ ਐਕਟ ਦੀ ਧਾਰਾ 74 ਅਧੀਨ 3.65 ਕਰੋੜ ਰੁਪਏ ਦਾ ਜਾਅਲੀ ਆਈ.ਟੀ.ਸੀ ਦਾ ਦਾਅਵਾ ਕਰਨ ਬਦਲੇ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ, ਪਰ ਉਸ ਨੇ ਨਾ ਤਾਂ ਟੈਕਸ ਜਮ੍ਹਾ ਕਰਵਾਇਆ ਅਤੇ ਨਾ ਹੀ ਕੋਈ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਇਸ ਉਪਰੰਤ 13 ਜੂਨ, 2023 ਨੂੰ ਵਿਭਾਗ ਵੱਲੋਂ ਐਕਟ ਅਨੁਸਾਰ ਇੱਕ ਆਦੇਸ਼ ਪਾਸ ਕਰਦਿਆਂ ਕੀਤਾ ਗਿਆ ਅਤੇ ਦੀਪਕ ਸ਼ਰਮਾ ਨੂੰ 4.45 ਕਰੋੜ ਰੁਪਏ ਵਿਆਜ ਅਤੇ 3.65 ਕਰੋੜ ਰੁਪਏ ਜੁਰਮਾਨੇ ਸਮੇਤ 11.75 ਕਰੋੜ ਰੁਪਏ ਦਾ ਭੁਗਤਾਨ ਕਰਨ ਲਈ ਕਿਹਾ ਗਿਆ।

ਵਿੱਤ ਮੰਤਰੀ ਨੇ ਦੱਸਿਆ ਕਿ ਟੈਕਸ ਇੰਟੈਲੀਜੈਂਸ ਯੂਨਿਟ ਅਤੇ ਸੇਲਜ ਟੈਕਸ ਅਧਿਕਾਰੀਆਂ ਵੱਲੋਂ ਜਾਂਚ ਕਰਨ 'ਤੇ ਪਾਇਆ ਕਿ ਦੀਪਕ ਸ਼ਰਮਾ ਵੱਲੋਂ ਇੱਕ ਬੈਂਕ ਨੂੰ ਇੱਕ ਜਾਅਲੀ ਜੀ.ਐਸ.ਟੀ () ਰਜਿਸਟ੍ਰੇਸ਼ਨ ਸਰਟੀਫਿਕੇਟ ਜਮ੍ਹਾ ਕਰਵਾਇਆ ਹੈ। ਉਨ੍ਹਾਂ ਦੱਸਿਆ ਕਿ ਸੇਲ ਟੈਕਸ ਅਫਸਰ, ਫਤਿਹਗੜ੍ਹ ਸਾਹਿਬ ਦੀ ਬੇਨਤੀ 'ਤੇ ਬੈਂਕ ਵੱਲੋਂ ਇਹ ਬੈਂਕ ਖਾਤਾ ਫ੍ਰੀਜ਼ ਕਰ ਦਿੱਤਾ ਗਿਆ ਹੈ ਅਤੇ ਖਾਤੇ ਵਿੱਚ ਮੌਜੂਦ 26 ਲੱਖ ਰੁਪਏ ਦੀ ਰਿਕਵਰੀ ਲਈ ਉਕਤ ਬੈਂਕ ਨੂੰ ਨੋਟਿਸ ਭੇਜ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਐਸ.ਜੀ.ਐਸ.ਟੀ ਵਿਭਾਗ ਵੱਲੋਂ ਗਠਿਤ ਇੱਕ ਵਿਸ਼ੇਸ਼ ਟਾਸਕ ਫੋਰਸ ਨੇ ਪਿਛਲੇ ਕਈ ਹਫ਼ਤਿਆਂ ਦੌਰਾਨ ਪ੍ਰਾਪਤ ਸੂਚਨਾ 'ਤੇ ਕਾਰਵਾਈ ਕਰਦਿਆਂ ਫਤਹਿਗੜ੍ਹ ਸਾਹਿਬ ਪੁਲਿਸ ਦੇ ਸਹਿਯੋਗ ਨਾਲ ਮੁਲਜ਼ਮਾ ਨਾਲ ਜੁੜੇ ਕਈ ਟਿਕਾਣਿਆਂ 'ਤੇ ਇੱਕੋ ਸਮੇਂ ਛਾਪੇਮਾਰੀ ਕੀਤੀ। ਉਨ੍ਹਾਂ ਕਿਹਾ ਕਿ ਅਧਿਕਾਰੀ ਇਸ ਧੋਖਾਧੜੀ ਵਿੱਚ ਸ਼ਾਮਲ ਹੋਰਨਾਂ ਵਿਅਕਤੀਆਂ ਦੀ ਪਛਾਣ ਕਰਨ ਦੀ ਪ੍ਰਕਿਰਿਆ ਵਿੱਚ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਐਫ.ਆਈ.ਆਰ ਦਰਜ ਕੀਤੀ ਗਈ ਹੈ, ਅਤੇ ਇਸ ਧੋਖਾਧੜੀ ਦੀ ਕੁੱਲ ਰਕਮ ਦਾ ਪਤਾ ਲਗਾਉਣ ਅਤੇ ਚੋਰੀ ਕੀਤੇ ਟੈਕਸਾਂ ਦੀ ਵਸੂਲੀ ਲਈ ਜਾਂਚ ਜਾਰੀ ਹੈ।

ਇਸ ਦੌਰਾਨ ਵਿੱਤ ਕਮਿਸ਼ਨਰ ਕਰ-ਕਮ-ਵਧੀਕ ਮੁੱਖ ਸਕੱਤਰ ਵਿਕਾਸ ਪ੍ਰਤਾਪ ਨੇ ਕਿਹਾ ਕਿ ਵਿਭਾਗ ਇੱਕ ਡਾਟਾ ਵਿਸ਼ਲੇਸ਼ਣ ਸਾਫਟਵੇਅਰ 'ਤੇ ਕੰਮ ਕਰ ਰਿਹਾ ਹੈ ਤਾਂ ਜੋ ਫਰਜ਼ੀ ਆਈ.ਟੀ.ਸੀ ਤਿਆਰ ਕਰਨ ਵਾਲਿਆਂ ਦੀ ਪਛਾਣ ਕਰਦਿਆਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਹ ਸਫਲ ਆਪ੍ਰੇਸ਼ਨ ਨਾਲ ਜੀ.ਐਸ.ਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਕੀਤੀ ਜਾਣ ਵਾਲੀ ਧੋਖਾਧੜੀ ਦਾ ਮੁਕਾਬਲਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਮਜ਼ਬੂਤ ਅੰਤਰ-ਏਜੰਸੀ ਸਹਿਯੋਗ ਅਤੇ ਦ੍ਰਿੜ ਇਰਾਦੇ ਦੀ ਮਿਸਾਲ ਮਿਲੀ ਹੈ। ਉਨ੍ਹਾਂ ਟੈਕਸ ਚੋਰੀ ਵਿਰੁੱਧ ਸਰਕਾਰ ਦੇ ਜ਼ੀਰੋ-ਟੌਲਰੈਂਸ ਰੁਖ ਨੂੰ ਦੁਹਰਾਇਆ ਅਤੇ ਚੇਤਾਵਨੀ ਦਿੱਤੀ ਕਿ ਅਜਿਹੀਆਂ ਧੋਖਾਧੜੀ ਵਾਲੀਆਂ ਗਤੀਵਿਧੀਆਂ ਨੂੰ ਕਾਨੂੰਨ ਦੀ ਪੂਰੀ ਤਾਕਤ ਨਾਲ ਨਿਜਿੱਠਿਆ ਜਾਵੇਗਾ।

## ਡਾ.ਬਲਜੀਤ ਕੌਰ ਨੇ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਸਿਵਲ ਹਸਪਤਾਲ ਮਲੋਟ ਵਿਖੇ ਡਾਇਲਸਿਜ ਯੂਨਿਟ ਸਮੇਤ ਵੱਖ-ਵੱਖ ਪ੍ਰੋਜੈਕਟ ਦਾ ਕੀਤਾ ਉਦਘਾਟਨ



ਸ੍ਰੀ ਮੁਕਤਸਰ ਸਾਹਿਬ, 18 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬੇਹਤਰ ਸਿਹਤ ਸਹੂਲਤਾਵਾਂ ਦੇਣ ਲਈ ਵਚਨਬੱਧ ਹੈ,ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ,ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਸਿਵਲ ਹਸਪਤਾਲ ਮਲੋਟ ਵਿਖੇ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਡਾਇਲਸਿਜ ਯੂਨਿਟ ਸਮੇਤ ਵੱਖ ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਕੀਤਾ।

ਸਿਵਲ ਹਸਪਤਾਲ ਮਲੋਟ ਵਿਖੇ ਉਹਨਾਂ ਡਾਇਲਸਿਸ ਮਸ਼ੀਨ, ਮ੍ਰਿਤਕ ਸਰੀਰ ਦੀ ਸੰਭਾਲ ਲਈ ਮੋਰਚਰੀ ਯੂਨਿਟ,ਆਰਥੋ ਓ.ਟੀ ਅਤੇ ਪੀਣ ਵਾਲੇ ਪਾਣੀ ਦੇ ਆਰ.ਓ ਦੇ ਉਦਘਾਟਨ ਕਰਦਿਆਂ ਕਿਹਾ ਕਿ ਇਹਨਾਂ ਸਿਹਤ ਸਹੂਲਤਾਂ ਦੇ ਪ੍ਰਦਾਨ ਕਰਨ ਨਾਲ ਲੋਕਾਂ ਨੂੰ ਬਹੁਤ ਫਾਇਦਾ ਹੋਵੇ ਅਤੇ ਉਹਨਾਂ ਨੂੰ ਇਥੇ ਪ੍ਰਾਈਵੇਟ ਹਸਪਤਾਲਾਂ ਨਾਲੋ ਵਧੀਆਂ ਅਤੇ ਮੁਫਤ ਸਿਹਤ ਸਹੂਲਤਾਂ ਪ੍ਰਦਾਨ ਹੋਣਗੀਆਂ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਮਲੋਟ ਸ਼ਹਿਰ ਦੇ ਸਿਵਲ ਹਸਪਤਾਲ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ ਅਤੇ ਇਥੇ ਸਾਰੇ ਵੱਖ-ਵੱਖ ਕਿਸਮ ਦੇ ਮਾਹਿਰ ਡਾਕਟਰ ਤਾਇਨਾਤ ਕੀਤੇ ਗਏ ਹਨ ਜੋ ਲੋਕਾਂ ਨੂੰ ਸਿਹਤ ਸਹੂਲਤਾਵਾਂ ਪ੍ਰਦਾਨ ਕਰ ਰਹੇ ਹਨ। ਉਹਨਾਂ ਦੱਸਿਆ ਕਿ ਮਲੋਟ ਦੇ ਆਸ ਪਾਸ ਦੇ 25 ਪਿੰਡਾਂ ਦੇ ਲੋਕ ਓਪੀਡੀ ਦਾ ਲਾਭ ਲੈ ਰਹੇ ਹਨ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਲੋਕਾਂ ਦੀ ਸਿਹਤ ਦੇ ਮੱਦੇ ਨਜ਼ਰ ਬਿਹਤਰ ਸਿਹਤ ਸਹੂਲਤਾਂ ਕਾਰਨ ਓਪੀਡੀ ਵਿੱਚ ਵਾਧਾ ਹੋਇਆ ਹੈ। ਉਹਨਾਂ ਦੱਸਿਆ ਕਿ ਸਾਲ 2023 ਦੌਰਾਨ 152483 ਮਰੀਜ਼ਾਂ ਨੇ ਓਪੀਡੀ ਵਿੱਚ ਆਪਣਾ ਚੈਕ ਅੱਪ ਕਰਵਾਇਆ ਅਤੇ 9178 ਮਰੀਜ਼ਾਂ ਨੇ ਦਾਖਲ ਹੋ ਕੇ ਆਪਣਾ ਇਲਾਜ ਕਰਵ-ਾਇਆ, ਜਦ ਕਿ ਸਾਲ 2021 ਦੌਰਾਨ ਓਪੀਡੀ ਵਿੱਚ 95,886 ਮਰੀਜ਼ਾਂ ਨੇ ਚੈਕ ਅੱਪ ਅਤੇ 5920 ਮਰੀਜ਼ਾਂ ਨੇ ਦਾਖਲ ਹੋ ਕੇ ਆਪਣਾ ਇਲਾਜ ਕਰਾਇਆ ਸੀ।

ਇਸ ਮੌਕੇ ਡਾ. ਸੁਨੀਲ ਬਾਂਸਲ ਐਸਐਮਓ, ਡਾ. ਸੁਨੀਲ ਅਰੋੜਾ ਐਮ ਡੀ, ਡਾ. ਕਾਮਨਾ ਅਗਰਵਾਲ ਔਰਤਾਂ ਦੇ ਰੋਗਾਂ ਦੇ ਮਾਹਿਰ, ਡਾ. ਚੇਤਨ ਐਮ ਓ, ਰਮੇਸ਼ ਅਰਨੀਵਾਲਾ ਦਫਤਰੀ ਇੰਚਾਰਜ, ਗਗਨਦੀਪ ਔਲਖ ਸ਼ਹਿਰੀ ਪ੍ਰਧਾਨ, ਜਸਮੀਤ ਬਰਾੜ, ਜੋਨੀ ਗਰਗ, ਗੁਰਚਰਨ ਗਰੋਵਰ, ਗੁਰਮੀਤ ਵਿਰਦੀ, ਗੁਰਪ੍ਰੀਤ ਵਿਰਦੀ ਅਤੇ ਅਮਨਦੀਪ ਔਲਖ ਮੌਜੂਦ ਸਨ।







### ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

### ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

### ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

### ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net






# ਭਵਿੱਖ ਦੇ ਭਾਰਤ ਲਈ ਇਸ ਵਾਰ ਦੀਆਂ ਲੋਕ ਸਭਾ ਚੋਣਾਂ ਕਿਸੇ ਅੰਤਮ ਫੈਸਲੇ ਦੀ ਘੜੀ ਤਾਂ ਨਹੀਂ!

ਜਤਿੰਦਰ ਪਨੂੰ ਦੀ ਕਲਮ ਤੋਂ



ਭਵਿੱਖ ਦੇ ਭਾਰਤ ਦੀ ਕਿਸੇ ਤਸਵੀਰ ਦੀ ਕਲਪਨਾ ਕੀਤੇ ਬਗੈਰ ਇਸ ਦੇਸ਼ ਦੇ ਆਮ ਲੋਕ ਵੀ ਅਤੇ ਰਾਜਸੀ ਆਗੂ ਵੀ ਇਸ ਗੱਲ ਵੱਲ ਅੱਖਾਂ ਲਾਈ ਬੈਠੇ ਹਨ ਕਿ ਪਾਰਲੀਮੈਂਟ ਦੀ ਚੋਣ ਆਉਣ ਵਾਲੀ ਹੈ। ਜਿਨ੍ਹਾਂ ਦਾ ਪੱਲਾ ਸੱਖਣਾ ਰਹਿਣ ਬਾਰੇ ਬਹੁਤ ਸਾਰੇ ਚੋਣ ਮਾਹਰ ਖੁੱਲ੍ਹੇ ਸ਼ਬਦਾਂ ਵਿੱਚ ਕਹੀ ਜਾਂਦੇ ਹਨ, ਉਹ ਵੀ ਇਸ ਵਾਰ ਲੋਕ ਸਭਾ ਚੋਣ ਮੌਕੇ ਭਾਰਤ ਦੀ ਤਕਦੀਰ ਬਦਲਣ ਦੇ ਦਾਅਵੇ ਕਰਦੇ ਪਏ ਹਨ।ਇਸ ਦੇਸ਼ ਦੀ ਆਜ਼ਾਦੀ ਲਈ ਹੋਏ ਸੰਗਰਾਮ ਵਿੱਚ ਭੂਮਿਕਾ ਕਈ ਧਿਰਾਂ ਦੀ ਸੀ, ਪਰ ਜਿਹੜੀ ਪਾਰਟੀ ਹੋਰ ਕਿਸੇ ਨੂੰ ਵੀ ਕੋਈ ਸਿਹਰਾ ਨਹੀਂ ਦੇਣਾ ਚਾਹੁੰਦੀ ਤੇ ਸਾਰੀ ਕੁਰਬਾਨੀ ਦਾ ਕਿੱਸਾ ਸਿਰਫ ਆਪਣੇ ਉਸ ਵਕਤ ਦੇ ਰਾਜਸੀ ਵਡੇਰਿਆਂ ਸਿਰ ਬੰਨ੍ਹੀ ਰੱਖਣ ਲਈ ਬਜ਼ਿਦ ਹੈ, ਉਹ ਇਸ ਵੇਲੇ ਜਿਸ ਹਾਲ ਵਿੱਚ ਪਹੁੰਚੀ ਹੋਈ ਹੈ, ਉਸ ਉੱਤੇ ਕਈ ਲੋਕਾਂ ਨੂੰ ਤਰਸ ਆਉਂਦਾ ਹੈ। ਹੈਰਾਨੀ ਦੀ ਗੱਲ ਹੈ ਕਿ ਉਸ ਦੇ ਆਗੂ ਅਜੇ ਵੀ ਹੋਰ ਸਾਰਿਆਂ ਤੋਂ ਆਪਣੇ ਪਿਛਲੱਗ ਬਣ ਕੇ ਚੱਲਣ ਦੀ ਉਹ ਆਸ ਕਰੀ ਜਾਂਦੇ ਹਨ, ਜਿਹੜੀ ਇਸ ਪਾਰਟੀ ਅੰਦਰਲੇ ਲੋਕਾਂ ਵਿੱਚੋਂ ਕੀਤੀ ਜਾਣੀ ਵੀ ਮੁਸ਼ਕਲ ਹੁੰਦੀ ਜਾਂਦੀ ਹੈ। ਪਾਰਟੀ ਦੀ ਕਾਰਜਕਾਰੀ ਮੁਖੀ ਸੋਨੀਆ ਗਾਂਧੀ ਵਧਦੀ ਉਮਰ ਕਾਰਨ ਰਾਜਸੀ ਮੈਦਾਨ ਛੱਡਣ ਲਈ ਮਜਬੂਰ ਹੋ ਚੁੱਕੀ ਹੈ, ਅਗਲੀ ਪੀੜ੍ਹੀ ਦੇ ਪੈਰ ਅਜੇ ਲੱਗ ਨਹੀਂ ਰਹੇ, ਪਰ ਪਾਰਟੀ ਅਜੇ ਵੀ ਆਸ ਰੱਖਦੀ ਹੈ ਕਿ ਇਸ ਚੋਣ ਵਿੱਚ ਉਹ ਅਟਲ ਬਿਹਾਰੀ ਵਾਜਪਾਈ ਦੇ ਦੌਰ ਪਿੱਛੋਂ ਮਿਲੀ ਜਿੱਤ ਵਰਗੀ ਅਣਕਿਆਸੀ ਜਿੱਤ ਫਿਰ ਜਿੱਤਣ ਦਾ ਕ੍ਰਿਸ਼ਮਾ ਕਰ ਜਾਵੇਗੀ। ਮਰਹੂਮ ਸ਼ਾਇਰ ਮੁਨੱਵਰ ਰਾਣਾ ਨੇ ਉਰਦੂ ਭਾਸ਼ਾ ਦੀ ਗੱਲ ਕਰਦਿਆਂ ਕਿਹਾ ਸੀ: 'ਹਰ ਇੱਕ ਆਵਾਜ਼ ਅਬ ਉਰਦੂ ਕੋ ਫਰਿਆਦੀ ਬਤਾਤੀ ਹੈ, ਯੇ ਪਗਲੀ ਫਿਰ ਭੀ ਅਬ ਤੱਕ ਖੁਦ ਕੋ ਸ਼ਹਿਜ਼ਾਦੀ ਬਤਾਤੀ ਹੈ।' ਉਸ ਦੀ ਇਹ ਗੱਲ ਉਰਦੂ ਭਾਸ਼ਾ ਬਾਰੇ ਬਿਲਕੁਲ ਠੀਕ ਸੀ, ਕਾਂਗਰਸ ਵੀ ਓਸੇ ਵਰਗੀ ਹਾਲਤ ਵਿੱਚ ਹੈ। ਜਦੋਂ ਹਰ ਕੋਈ ਇਸ ਪਾਰਟੀ ਦੀ ਨਿੱਘਰਦੀ ਹਾਲਤ ਦੀ ਚਰਚਾ ਕਰਦਾ ਪਿਆ ਹੈ ਅਤੇ ਇਸ ਦੇ ਦੋਬਾਰਾ ਉੱਠ ਸਕਣ ਦੀ ਆਸ ਦਾ ਸ਼ਬਦਕਿਸੇ ਪਾਸੇ ਕੋਈ ਨਹੀਂ ਬੋਲਦਾ, ਉਸ ਵਕਤ ਵੀ ਇਸ ਦੇ ਲੀਡਰ ਹਕੀਕਤਾਂ ਨੂੰ ਮੰਨਣਾ ਨਹੀਂ ਚਾਹੁੰਦੇ। ਹਕੀਕਤਾਂ ਕੂਕ-ਕੂਕ ਕੇ ਕਹਿ ਰਹੀਆਂ ਹਨ ਕਿ ਸਿਰਫ ਕਾਂਗਰਸ ਪਾਰਟੀ ਨਹੀਂ, ਸਮੁੱਚੀ ਭਾਰਤੀ ਰਾਜਨੀਤੀ ਇਹੋ ਜਿਹੀ ਨੀਵਾਣ ਵੱਲ ਰਿੜ੍ਹਨ ਲੱਗ ਚੁੱਕੀ ਹੈ, ਜਿੱਧਰ ਉਸ ਦੇ ਅੱਗੇ ਕੋਈ ਸਪੀਡ-ਬਰੇਕਰ ਦਿਖਾਈ ਨਹੀਂ ਦੇ ਰਿਹਾ। ਕਦੀ ਇਸ ਦੇਸ਼ ਵਿੱਚ ਇੱਕ ਪਾਰਟੀ ਤੇ ਉਸ ਦੀ ਇੱਕਲੌਤੀ ਆਗੂ ਵਜੋਂ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਜਿੱਡਾ ਅਕਸ ਬਣਾ ਕੇ ਪੇਸ਼ ਕੀਤਾ ਜਾਂਦਾ ਰਿਹਾ ਸੀ, ਅੱਜ ਦੇਸ਼ ਦਾ ਇੱਕ ਖਾਸ ਕਾਰੋਬਾਰੀ ਵਰਗ ਤੇ ਖਾਸ ਮੀਡੀਆ ਲਾਬੀ ਮਿਲ ਕੇ ਨਰਿੰਦਰ ਮੋਦੀ ਦਾ ਓਸੇ ਵਰਗਾ ਅਕਸ ਬਣਾ ਕੇ ਪੇਸ਼ ਕਰਦੇ ਪਏ ਹਨ। ਜਦੋਂ ਕੋਈ ਆਗੂ ਉਸ ਪਾਰਟੀ ਤੋਂ ਵੱਡਾ ਦਿੱਸਣ ਲੱਗਦਾਹੈ, ਜਿਹੜੀ ਪਾਰਟੀ ਨੇ ਉਸ ਨੂੰ ਪੈਦਾ ਕੀਤਾ ਸੀ ਤਾਂ ਦੋ ਹੀ ਗੱਲਾਂ ਹੋਇਆ ਕਰਦੀਆਂ ਹਨ। ਜਾਂ ਉਸ ਲੀਡਰ ਦੇ ਪਤਨ ਦਾ ਦੌਰ ਸ਼ੁਰੂ ਹੋ ਜਾਂਦਾ ਹੈ, ਪਰ ਏਦਾਂ ਹਮੇਸ਼ਾ ਨਹੀਂ ਹੋਇਆ ਕਰਦਾ, ਜਾਂ ਫਿਰ ਉਹ ਆਗੂ ਏਡਾ ਕੱਦ-ਾਵਰ ਬਣ ਜਾਂਦਾ ਹੈ ਕਿ ਆਪਣਿਆਂ-ਪਰਾਇਆਂ ਵਿੱਚੋਂ ਕਈ-ਕਈ ਸਾਲਾਂ ਤੱਕ ਉਸ ਵੱਲ ਉਂਗਲ ਉਠਾਉਣ ਦੀ ਹਿੰਮਤ ਕਰਨ ਵਾਲਾ ਕੋਈ ਨਹੀਂ ਉੱਠ ਸਕਦਾ। ਜਿਹੜੀਆਂ ਕੌਮਾਂ ਇਹੋ ਜਿਹੇ ਆਗੂ ਦਾ ਉਭਾਰ ਹੁੰਦਾ ਇੱਕ ਵਾਰ ਵੇਖ ਚੁੱਕੀਆਂ ਹਨ, ਉਨ੍ਹਾਂ ਦਾ ਹੰਢਾਇਆ ਤਜਰਬਾ ਬਾਕੀ ਦੇਸ਼ਾਂ ਅਤੇ ਕੌਮਾਂ ਲਈ ਰਾਹ-ਦਿਖਾਵਾ ਹੋ ਸਕਦਾ ਹੈ, ਪਰ ਦੇਖਣ ਵਾਲੀ ਅੱਖ ਚਾਹੀਦੀ ਹੈ।

ਮੌਜੂਦਾ ਹਾਲਾਤ ਵਿੱਚ ਭਾਰਤ ਦੀ ਰਾਜਨੀਤੀ ਅਗਲੀਆਂ ਲੋਕ ਸਭਾ ਚੋਣਾਂ ਵਿੱਚ ਜਿਸ ਰੌਂਅ ਦੀ ਝਲਕ ਦਿਖਾ ਰਹੀ ਹੈ, ਉਸ ਦੇ ਲੱਛਣ ਚੰਗੇ ਨਹੀਂ ਅਤੇ ਜਿਨ੍ਹਾਂ ਆਗੂਆਂ ਅਤੇ ਪਾਰਟੀਆਂ ਨੇ ਇਸ ਮੁਹਾਣ ਮੂਹਰੇ ਇੱਕ-ਮੁੱਠ ਅੜਿੱਕਾ ਬਣਨ ਵਾਲੀ ਸ਼ਕਤੀ ਹੋਣ ਦਾ ਦਾਅਵਾ ਕੀਤਾ ਸੀ, ਉਨ੍ਹਾਂ ਦੀ ਏਕਤਾ ਵਿੱਚ ਮਘੋਰੇ ਹੋਣ ਲੱਗ ਪਏ ਹਨ।ਵਿਰੋਧੀ ਗੱਠਜੋੜ ਵੱਲੋਂ ਪ੍ਰਧਾਨ ਮੰਤਰੀ ਬਣਨ ਵਾਸਤੇ ਉਮੀਦਵਾਰ ਹੋਣ ਦਾ ਸਭ ਤੋਂ ਵੱਡਾ ਦਾਅਵੇਦਾਰ ਨਿਤੀਸ਼ ਕੁਮਾਰ ਸਭ ਤੋਂ ਪਹਿਲਾਂ ਗੱਠਜੋੜ ਨੂੰ ਠਿੱਬੀ ਲਾ ਕੇ ਭਾਜਪਾ ਨਾਲ ਜਾ ਜੁੜਿਆ ਅਤੇ ਇੱਕੋ ਛੜੱਪੇ ਵਿੱਚ ਕਈ ਲਾਭ ਖੱਟ ਗਿਆ ਹੈ। ਅਗਲੀ ਲੋਕ ਸਭਾ ਚੋਣ ਵਿੱਚ ਉਸ ਨੂੰ ਭਾਜਪਾ ਨਾਲ ਗੱਠਜੋੜ ਵਿੱਚ ਕੁਝ ਸੀਟਾਂ ਜਿੱਤ ਜਾਣ ਦੀ ਝਾਕ ਹੋ ਗਈ ਤੇ ਆਪਣੇ ਰਾਜ ਦੀ ਸਰਕਾਰ ਦਾ ਮੁਖੀ ਬਣੇ ਰਹਿਣ ਦਾ ਜੁਗਾੜ ਵੀ ਉਸ ਨੇ ਨਾਲ ਹੀ ਕਰ ਲਿਆ ਹੈ। ਵਿਰੋਧ ਦੀਆਂ ਪਾਰਟੀਆਂ ਉਸ ਬੰਦੇ ਦੀ ਫਿਤਰਤ ਦਾ ਰਿਕਾਰਡ ਜਾਣਨ ਦੇ ਬਾਵਜੂਦ ਉਸ ਨੂੰ ਆਪਣਾ ਆਗੂ ਬਣਾਉਣ ਦੀ ਤਿਆਰੀ ਕਰੀ ਜਾਂਦੀਆਂ ਸਨ, ਪਰ ਕੁਝ ਧਿਰਾਂ ਵੱਲੋਂ ਵਿਰੋਧ ਕਾਰਨ ਉਹ ਖੇਡ ਸਿਰੇ ਨਹੀਂ ਸੀ ਚੜ੍ਹ ਸਕੀ। ਜੇ ਉਸ ਨੂੰ ਆਗੂ ਬਣਾ ਲਿਆ ਹੁੰਦਾ ਤਾਂ ਅਗਲੀ ਚਲਾਕੀ ਇਹ ਵੀ ਕਰ ਸਕਦਾ ਸੀ ਕਿ ਉਮੀਦਵਾਰ ਐਲਾਨੇ ਜਾਣ ਮਗਰੋਂ ਜਾ ਕੇ ਨਰਿੰਦਰ ਮੋਦੀ ਨਾਲ ਸਮਝੌਤਾ ਕਰ ਲੈਂਦਾ ਅਤੇ ਸਾਰੇ ਦੇਸ਼ ਵਿੱਚ ਭਾਜਪਾ ਨੂੰ ਇਹ ਪ੍ਰਚਾਰ ਕਰਨ ਦਾ ਮੌਕਾ ਦੇ ਦੇਂਦਾ ਕਿ ਵਿਰੋਧੀ ਧਿਰ ਦਾ ਪ੍ਰਧਾਨ ਮੰਤਰੀ ਦੇ ਅਹੁਦੇ ਦਾ ਉਮੀਦਵਾਰ ਹੀ ਉਸ ਨੂੰ ਛੱਡ ਕੇ ਨਰਿੰਦਰ ਮੋਦੀ ਦੀ ਅਗਵਾਈ ਕਬੂਲ ਕਰ ਗਿਆ ਹੈ। ਉਹ ਖੇਡ ਸਿਰੇ ਚੜ੍ਹ ਜਾਂਦੀ ਤਾਂ ਅਗਲੀਲੋਕ ਸਭਾ ਚੋਣ ਲਈ ਪ੍ਰਚਾਰ ਸ਼ੁਰੂ ਹੋਣ ਤੋਂ ਪਹਿਲਾਂਉਸ ਨੇ ਵਿਰੋਧੀ ਧਿਰਾਂ ਦੇ ਗੁਬਾਰੇ ਵਿੱਚ ਤਿੱਖੀ ਸੂਈ ਮਾਰ ਕੇ ਸਾਰੀ ਫੂਕ ਕੱਢ ਦੇਣੀ ਸੀ। ਵਿਰੋਧੀ ਧਿਰਾਂ ਅਜੇ ਵੀ ਏਦਾਂ ਦੇ ਕੁਝ ਆਗੂਆਂ ਨੂੰ ਟੋਂਹਦੀਆਂ ਪਈਆਂ ਹਨ।

ਦੂਸਰੇ ਪਾਸੇ ਨਰਿੰਦਰ ਮੋਦੀ ਅਤੇ ਉਸ ਨਾਲ ਜੁੜੀ ਹੋਈ ਚੋਣਵੇਂ ਸਿਰਾਂ ਦੀ ਇੱਕ ਟੀਮ ਇੱਕ-ਸਾਰ ਰਣਨੀਤੀ ਦਾ ਹਰ ਨਵਾਂ ਦਾਅ ਸੋਚ ਕੇ ਉਸ ਮੁਤਾਬਕ ਪੈਂਤੜੇ ਤੈਅ ਕਰਨ ਦਾ ਕੰਮ ਕਰਦੇ ਰਹਿੰਦੇ ਹਨ। ਪਿਛਲੇ ਸਮੇਂ ਵਿੱਚ ਕਈ ਵਾਰ ਬਹੁਤ ਅਣਕਿਆਸੇ ਅਦਾਲਤੀ ਫੈਸਲਿਆਂ ਪਿੱਛੋਂ ਲੱਗਣ ਲੱਗਾ ਸੀ ਕਿ ਭਾਜਪਾ ਲੀਡਰਸ਼ਿਪਕੋਲ ਇਸ ਕਾਨੂੰਨੀ ਉਲਝਣ ਤੋਂ ਨਿਕਲਣ ਦਾ ਕੋਈ ਰਾਹ ਨਹੀਂ ਰਿਹਾ, ਪਰ ਉਹ ਹਰ ਵਾਰ ਸਾਰੀ ਗੱਲ ਤਿਲਕਾ ਕੇ ਅਗਲਾ ਕਦਮ ਅਚਾਨਕ ਏਦਾਂ ਦਾ ਚੁੱਕ ਲੈਂਦੇ ਰਹੇ ਸਨ ਕਿ ਹਰ ਕੋਈ ਹੈਰਾਨ ਰਹਿ ਜਾਂਦਾ ਸੀ। ਫਿਰ ਵੀ ਇਸ ਮਹੀਨੇ ਸੁਪਰੀਮ ਕੋਰਟ ਨੇ ਜਿਹੜਾ ਫੈਸਲਾ ਚੋਣ-ਬਾਂਡ ਰਾਹੀਂ ਵੱਖ-ਵੱਖ ਪਾਰਟੀਆਂ ਨੂੰ ਚੰਦੇ ਦੇਣ ਦੇ ਕਾਨੂੰਨਾਂ ਨੂੰ ਗੈਰ-ਸੰਵਿਧਾਨਕ ਐਲਾਨਣ ਵਾਲਾ ਕੀਤਾ ਹੈ, ਉਹ ਮੋਦੀ ਸਰਕਾਰ ਅਤੇ ਭਾਜਪਾ ਲੀਡਰਸ਼ਿਪ ਲਈ ਪਿਛਲੀਆਂ ਸਾਰੀਆਂ ਸੱਟਾਂ ਤੋਂ ਵੱਧ ਮਾਰੂ ਸੀ। ਭਾਰਤ ਦੀ ਸੁਪਰੀਮ ਕੋਰਟ ਦਾ ਇਹ ਫੈਸਲਾ ਸੰਵਿਧਾਨਕ ਬੈਂਚ ਨੇ ਦਿੱਤਾ ਤੇ ਇਹ ਦਿੱਤਾ ਵੀ ਸਰਬ ਸੰਮਤੀ ਨਾਲ ਹੈ, ਜਿਸ ਵਿੱਚ ਕਿਸੇ ਇੱਕ ਵੀ ਜੱਜ ਨੇ ਵਿਰੋਧਤਾ ਕਰਨ ਦੀ ਟਿਪਣੀ ਨਹੀਂ ਲਿਖਾਈ। ਆਮ ਪ੍ਰਭਾਵ ਹੈ ਕਿ ਭਾਜਪਾ ਤੇ ਇਸ ਦੇ ਲੀਡਰਾਂ ਲਈ ਇਸ ਫੈਸਲੇ ਦਾ ਤੋੜ ਲੱਭਣਾ ਮੁਸ਼ਕਲ ਹੈ, ਪਰ ਇਹ ਧਾਰਨਾ ਬਣਾਉਣ ਵਾਲੇ ਇਹ ਭੁੱਲ ਜਾਂਦੇ ਹਨ ਕਿ ਸੁਪਰੀਮ ਕੋਰਟ ਨੇ ਜਦੋਂ ਦੇਸ਼ ਦੇ ਚੋਣ ਕਮਿਸ਼ਨ ਦੀ ਨਿਯੁਕਤੀ ਦੇ ਢੰਗ ਬਾਰੇ ਫੈਸਲਾ ਦਿੱਤਾ ਸੀ, ਓਦੋਂ ਵੀ ਸਰਕਾਰ ਫਸੀ ਜਾਪਦੀ ਸੀ। ਹੋਇਆ ਫਿਰ ਇਹ ਸੀ ਕਿ ਸਰਕਾਰ ਨੇ ਬਹੁਤ ਕਾਹਲੀ ਵਿੱਚ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਦੇ ਨਿਯਮ ਬਣਾਉਣ ਲਈ ਆਪਣੀ ਮਰਜ਼ੀ ਦਾ ਬਿੱਲ ਪਾਰਲੀਮੈਂਟ ਵਿੱਚ ਪੇਸ਼ ਕੀਤਾ ਅਤੇ ਝਟਾਪਟ ਪਾਸ ਕਰਵਾ ਕੇ ਉਸ ਪ੍ਰਕਿਰਿਆ ਤੋਂ ਭਾਰਤ ਦੀ ਸੁਪਰੀਮ ਕੋਰਟ ਨੂੰ ਬਾਹਰ ਕਰ ਦਿੱਤਾ ਸੀ। ਕਿਉਂਕਿ ਏਦਾਂ ਦੇ ਕਾਨੂੰਨ ਬਣਾਉਣ ਦਾ ਸਾਰਾ ਅਧਿਕਾਰ ਪਾਰਲੀਮੈਂਟ ਨੂੰ ਸੀ, ਅਤੇ ਅਜੇ ਵੀ ਹੈ, ਇਸ ਲਈ ਸੁਪਰੀਮ ਕੋਰਟ ਨੇ ਪਹਿਲਾਂ ਜੋ ਵੀ ਹਦਾਇਤਾਂ ਦਿੱਤੀਆਂ ਹੋਈਆਂ ਸਨ, ਇਸ ਸਰਕਾਰੀ ਪੈਂਤੜੇ ਨੂੰ ਰੱਦ ਕਰਨ ਜਾਂ ਮੁੜ ਵਿਚਾਰ ਲਈ ਕਹਿਣ ਦੀ ਥਾਂ ਜੱਜ ਸਾਹਿਬਾਨ ਨੇ ਚੁੱਪ ਵੱਟ ਜਾਣ ਵਿੱਚ ਭਲਾਈ ਸਮਝੀ ਸੀ।

ਇਸ ਦਾ ਅਰਥ ਹੈ ਕਿ ਭਾਰਤ ਉਸ ਅਲੋਕਾਰ ਦੌਰ ਵਿੱਚ ਦਾਖਲ ਹੋ ਚੁੱਕਾ ਹੈ, ਜਿੱਥੇ ਵਗਦੇ ਵਹਿਣ ਨਾਲ ਵਗਣ ਲਈ ਤਾਂ ਸੈਂਕੜੇ ਜਾਂ ਹਜ਼ਾਰਾਂ ਨਹੀਂ, ਲੱਖਾਂ ਲੋਕ ਬਿਨਾਂ ਕਿਸੇ ਝਿਜਕ ਮੰਨ ਸਕਦੇ ਹਨ, ਪਰ ਵਹਿਣ ਮੂਹਰੇ ਕਿਸੇ ਤਰ੍ਹਾਂ ਦਾ ਅੜਿੱਕਾ ਬਣਨ ਦੀ ਜੁਰਅੱਤ ਕਰਨ ਵਾਲਾ ਕੋਈ ਵਿਰਲਾ-ਟਾਵਾਂ ਵੀ ਲੱਭਣਾ ਸੌਖਾ ਨਹੀਂ। ਅਗਲੇ ਦਿਨੀਂ ਜਦੋਂ ਲੋਕ ਸਭਾ ਚੋਣਾਂ ਦਾ ਐਲਾਨ ਹੋਵੇਗਾ ਅਤੇ ਇਸ ਦਾ ਚੋਣ-ਜ਼ਾਬਤਾ ਲਾਗੂ ਕੀਤਾ ਜਾਵੇਗਾ, ਉਸ ਦੇ ਬਾਅਦ ਅਚਾਨਕ ਉਹ ਟੀਮ ਕਈ ਧਿਰਾਂ ਤੋਂ ਆਪੋ-ਆਪਣੇ ਰਾਜਸੀ ਕਿੱਲੇ ਦਾ ਰੱਸਾ ਤੁੜਵਾ ਕੇ ਇੱਕੋ ਵੱਡੀ ਧਿਰ ਨਾਲ ਜੁੜਨ ਦੇ ਐਲਾਨ ਕਰਵਾਉਣ ਲਈ ਏਦਾਂ ਦੀ ਸਰਗਰਮੀ ਕਰਨ ਵਾਲੀ ਸੁਣੀਂਦੀ ਹੈ, ਜਿਸ ਦਾ ਤੋੜ ਵਿਰੋਧੀ ਧਿਰ ਕੋਲ ਨਹੀਂ ਹੋਣਾ। ਚੋਣ ਦਾ ਐਲਾਨ ਵੀ ਹੋਣ ਤੋਂ ਪਹਿਲਾਂ ਫਾਰੂਖ ਅਬਦੁੱਲਾ ਵਰਗੇ ਲੀਡਰਾਂ ਦਾ ਕਸ਼ਮੀਰ ਵਿੱਚ ਆਪੇ ਸ਼ੁਰੂ ਕੀਤੇ ਰਾਜਸੀ ਪੜੁੱਲ 'ਗੁਪਕਾਰ ਅੰਦੋਲਨ' ਤੋਂ ਵੱਖਰੇ ਹੋਣ ਤੇ ਆਪਣੇ ਸਿਰ ਇਕੱਲੇ ਚੋਣਾਂ ਲੜਨ ਦਾ ਬਿਆਨ ਇਸੇ ਦਾ ਸੰਕੇਤ ਹੈ। ਜਿਸ ਦਿਨ ਧਾਰਾ ਤਿੰਨ ਸੌ ਸੱਤਰ ਤੋੜਨ ਦਾ ਐਲਾਨ ਨਰਿੰਦਰ ਮੋਦੀ ਸਰਕਾਰ ਨੇ ਕੀਤਾ ਸੀ, ਓਦੋਂ ਇਸ ਦੇ ਵਿਰੋਧ ਵਿੱਚ ਹਰ ਹੱਦ ਤੱਕ ਲੜਨ ਦੇ ਨਾਅਰੇ ਮਾਰਨ ਵਾਲੇ ਗੁਲਾਮ ਨਬੀ ਆਜ਼ਾਦ ਵਰਗੇ ਕਾਂਗਰਸੀ ਸਾਬਕਾ ਮੁੱਖ ਮੰਤਰੀ ਬਾਅਦ ਵਿੱਚ ਪਾਰਟੀ ਤੇ ਪੈਂਤੜਾ ਦੋਵੇਂਛੱਡਗਏ ਸਨ ਤੇ ਅੱਜਕੱਲ੍ਹ ਨਰਿੰਦਰ ਮੋਦੀ ਦੀ ਅਗਵਾਈ ਦੀਆਂ ਸਿਫਤਾਂ ਕਰਦੇ ਪਏ ਹਨ। ਲੋਕ ਸਭਾ ਚੋਣਾਂ ਵਿੱਚ ਉਹ ਸਿੱਧਾ ਭਾਵੇਂ ਭਾਜਪਾ ਨਾਲ ਕੋਈ ਸਮਝੌਤਾ ਨਾ ਕਰਨ, ਵਲਾਵਾਂ ਪਾ ਕੇ ਤਾਲਮੇਲ ਕਰਨ ਦੇ ਜਿੰਦਾਂ ਦੇ ਸੰਕੇਤ ਦੋਵਾਂ ਪਾਸਿਆਂ ਤੋਂ ਮਿਲਦੇ ਹਨ, ਓਦਾਂ ਦੇ ਸੰਕੇਤ ਮਹਾਰਾਸ਼ਟਰ ਵੱਲ ਵੀ ਇੱਕ ਵਾਰ ਫਿਰ ਸ਼ਿਵ ਸੈਨਾ ਨਾਲ ਗੱਠਜੋੜ ਕਰ ਕੇ ਊਧਵ ਠਾਕਰੇ ਨੂੰ ਨਾਲ ਲੈਣ ਦੇ ਯਤਨਾਂ ਤੋਂ ਮਿਲਣ ਲੱਗੇ ਹਨ। ਆਂਧਰਾ ਪ੍ਰਦੇਸ਼ ਦੇ ਦੋਵੇਂਪ੍ਰਮੁੱਖ ਆਗੂ, ਮੁੱਖ ਮੰਤਰੀ ਜਗਨ ਮੋਹਨ ਰੈਡੀ ਤੇ ਉਸ ਦੇ ਧੁਰ ਵਿਰੋਧੀ ਚੰਦਰ ਬਾਬੂ ਨਾਇਡੂ ਦਾ ਭਾਜਪਾ ਦੇ ਨਾਲ ਜੁੜਨ ਲਈ ਆਪਸ ਵਿੱਚਮੁਕਾਬਲਾ ਚੱਲ ਰਿਹਾ ਹੈ। ਦੋਵਾਂ ਵਿੱਚੋਂ ਅਸਲ ਵਿੱਚ ਕੋਈ ਵੀ ਦਿਲ ਤੋਂ ਭਾਜਪਾ ਨਾਲ ਜੁੜਨਾ ਪਸੰਦ ਨਹੀਂ ਕਰਦਾ, ਪਰਦੋਵਾਂ ਜਣਿਆਂ ਦੇ ਖਿਲਾਫ ਕੇਂਦਰੀ ਏਜੰਸੀਆਂ ਦੀਆਂ ਫਾਈਲਾਂ ਦੇ ਥੱਬੇ ਉਨ੍ਹਾਂ ਨੂੰ ਇਸ ਜੀ-ਹਜ਼ੂਰੀ ਲਈ ਮਜਬੂਰ ਕਰਦੇ ਹਨ ਤੇ ਦੋਵਾਂ ਵਿੱਚੋਂ ਨਾਲ ਕਿਸ ਨੂੰ ਲੈਣਾ ਹੈ, ਇਹ ਭਾਜਪਾ ਲੀਡਰਸ਼ਿਪ ਦੀ ਮਰਜ਼ੀ ਉੱਤੇ ਨਿਰਭਰ ਕਰੇਗਾ। ਕੀ ਕਾਂਗਰਸ ਜਾਂ ਉਸ ਦੇ ਸਹਿਯੋਗੀਆਂ ਵਿੱਚੋਂ ਕਿਸੇ ਇੱਕ ਧਿਰ ਕੋਲ ਵੀ ਇਹੋ ਜਿਹੀ ਕੋਈ ਮਨ-ਮਰਜ਼ੀ ਦੀ ਸਥਿਤੀ ਵਾਲਾ ਰਾਜ ਹੈ!

ਜਦੋਂ ਹਾਲਾਤ ਏਦਾਂ ਦੇ ਮੰਝਧਾਰ ਵਾਲੇ ਹੋਣ ਤਾਂ ਘੱਟੋ-ਘੱਟ ਇੱਕ ਸਾਂਝੇ ਵਿਰੋਧੀ ਨਾਲ ਸਿੱਝਣ ਲਈ ਤਾਲਮੇਲ ਦੇ ਕੋਈ ਨੁਕਤੇ ਲੱਭਣੇ ਹੁੰਦੇ ਹਨ, ਪਰ ਇਹ ਕੰਮ ਵੇਲੇ ਦੀ ਮੁੱਖ ਵਿਰੋਧੀ ਧਿਰ ਨੂੰ ਕਰਨਾ ਪੈਂਦਾ ਹੈ। ਕਾਂਗਰਸੀ ਆਗੂਆਂ ਦੇ ਸਿਰ ਇਸ ਵੇਲੇ ਇਹ ਜ਼ਿੰਮੇਵਾਰੀ ਸੀ ਕਿ ਉਹ ਏਦਾਂ ਦਾ ਮਾਹੌਲ ਬਣਾਉਂਦੇ ਕਿ ਬਾਕੀ ਧਿਰਾਂ ਉਸ ਨਾਲ ਜੁੜ ਕੇ ਚੱਲਣ ਨੂੰ ਸੁਖਾਲਾ ਤਿਆਰ ਹੋ ਸਕਦੀਆਂ, ਪਰ ਜਿਹੜੇ ਰਾਜ ਵਿੱਚ ਕਾਂਗਰਸ ਦਾ ਬਾਰੀਂ ਕੋਹੀਂ ਦੀਵਾ ਨਹੀਂ ਜਗਦਾ ਦਿੱਸਦਾ, ਉਹ ਉਸ ਰਾਜ ਵਿੱਚ ਵੀ ਖੁਦ ਨੂੰ ਮੋਹਰੀ ਵਜੋਂ ਪੇਸ਼ ਕਰਨਾ ਚਾਹੁੰਦੇ ਹਨ। ਜਦੋਂ ਇਹ ਗੱਲ ਪਤਾ ਹੈ ਕਿ ਅਖਿਲੇਸ਼ ਯਾਦਵ ਦੇ ਜੋ ਵੀ ਨੁਕਸ ਹੋਣ, ਉੱਤਰ ਪ੍ਰਦੇਸ਼ ਵਿੱਚ ਉਸ ਨੂੰ ਲਾਂਭੇ ਕਰ ਕੇ ਕਾਂਗਰਸ ਪਾਰਟੀ ਓਥੇ ਭਾਜਪਾ ਵਿਰੁੱਧ ਕੁਝ ਕਰ ਸਕਣ ਦੀ ਸਥਿਤੀ ਵਿੱਚ ਨਹੀਂ ਤਾਂ ਇਸ ਹਾਲਤ ਮੁਤਾਬਕ ਚੱਲਣਾ ਪੈਣਾ ਹੈ, ਪਰ ਕਾਂਗਰਸ ਦਾ ਕੋੜਮਾ ਆਪਣੇ ਰਿਵਾਇਤੀ ਆਗੂ ਪਰਵਾਰ ਦੇ ਦੋ ਮੈਂਬਰਾਂ ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਨੂੰ ਓਥੇ ਵੀ ਅੱਗੇ ਰੱਖਣਾ ਚਾਹੁੰਦਾ ਹੈ। ਉਸ ਰਾਜ ਵਿੱਚ ਬਿਨਾਂ ਸੋਚੇ ਉਨ੍ਹਾਂ ਦੀ ਅਖਿਲੇਸ਼ ਸਿੰਘ ਯਾਦਵ ਅਤੇ ਸਮਾਜਵਾਦੀ ਪਾਰਟੀ ਦੇ ਵਿਰੁੱਧ ਬਿਆਨਬਾਜ਼ੀ ਵੀਕੁਵੇਲੇ ਦਾ ਰਾਗ ਬਣ ਕੇ ਸਿਰ ਚੁੱਕਦੀ ਅਤੇ ਹਰ ਸੰਭਾਵਨਾ ਦਾ ਰਸਤਾ ਰੋਕ ਦੇਂਦੀ ਹੈ। ਇਨ੍ਹਾਂ ਹਰਕਤਾਂ ਕਾਰਨ ਹੀ ਰਾਹੁਲ ਗਾਂਧੀ ਨੂੰ ਪਿਛਲੀ ਵਾਰੀ ਆਪਣੀ ਅਮੇਠੀ ਦੀ ਸੀਟ ਦੇ ਨਾਲ ਅਚਾਨਕ ਕੇਰਲਾ ਦੇ ਵਾਇਨਾਡ ਦੀ ਸੀਟ ਤੋਂ ਚੋਣ ਲੜਨ ਦਾ ਰਾਹ ਫੜਨਾ ਪਿਆ ਸੀ ਅਤੇ ਜੇ ਏਦਾਂ ਨਾ ਕੀਤਾ ਹੁੰਦਾ ਤਾਂ ਉਹ ਓਦੋਂ ਹੀ ਪਾਰਲੀਮੈਂਟ ਤੋਂ ਪਾਸੇ ਹੋ ਗਿਆ ਹੁੰਦਾ। ਇਸ ਵਾਰੀ ਅਮੇਠੀ ਦੇ ਬਾਅਦ ਨਾਲ ਲੱਗਦੀ ਰਾਏ ਬਰੇਲੀ ਦੀ ਖਾਨਦਾਨੀ ਵਿਰਾਸਤ ਸਮਝੀ ਜਾਂਦੀ ਸੀਟ ਵੀ ਜਿੱਤ ਸਕਣ ਦੇ ਕੋਈ ਸੰਕੇਤ ਨਹੀਂ ਮਿਲਦੇ, ਪਰ ਕਾਂਗਰਸੀ ਆਗੂ ਪ੍ਰਿਅੰਕਾ ਗਾਂਧੀ ਨੂੰ ਓਥੋਂ ਚੋਣ ਲੜਾਉਣ ਦਾ ਮਨ ਬਣਾਈ ਬੈਠੇ ਹਨ। ਭਾਜਪਾ ਦੇ ਆਗੂ ਇਸ ਐਲਾਨ ਦੀ ਉਡੀਕ ਵਿੱਚ ਹਨ ਕਿ ਪ੍ਰਿਅੰਕਾ ਗਾਂਧੀ ਉਸ ਹਲਕੇ ਤੋਂ ਚੋਣ ਲੜੇਗੀ, ਇਸ ਦੇ ਬਾਅਦ ਕੋਈ ਵੱਡੀ ਚਰਚਿਤ ਹਸਤੀ ਅਚਾਨਕ ਲਿਆ ਕੇ ਉਸ ਦਾ ਰਾਹ ਰੋਕਣ ਦਾ ਯਤਨ ਕਰਨ ਲਈ ਭਾਜਪਾ ਵੱਲੋਂ ਅਗੇਤੀ ਤਿਆਰੀ ਹੋਈ ਪਈ ਹੈ।

ਕਾਂਗਰਸ ਪਾਰਟੀ ਨੂੰ ਉਹ ਵਕਤ ਯਾਦ ਕਰਨਾ ਚਾਹੀਦਾ ਹੈ, ਜਦੋਂ ਸੋਨੀਆ ਗਾਂਧੀ ਨੇ ਪਹਿਲੀ ਚੋਣ ਲੜਨ ਵਾਸਤੇ ਕਾਗਜ਼ ਭਰਨੇ ਸਨ ਤਾਂ ਉਸ ਦੇ ਲੀਡਰਾਂ ਦੇ ਸਾਰਾ ਕੁਝ ਗੁਪਤ ਰੱਖਣ ਦੇ ਬਾਵਜੂਦ ਭਾਜਪਾ ਵਾਲਿਆਂ ਨੇ ਸੁਸ਼ਮਾ ਸਵਰਾਜ ਦਾ ਹੈਲੀਕਾਪਟਰ ਚੁੱਪ-ਚੁਪੀਤੇ ਤਿਆਰ ਕਰ ਛੱਡਿਆ ਸੀ। ਜਦੋਂ ਸੋਨੀਆ ਗਾਂਧੀ ਦਾ ਹੈਲੀਕਾਪਟਰ ਉੱਡਿਆ ਤਾਂ ਸੁਸ਼ਮਾ ਦਾ ਹੈਲੀਕਾਪਟਰ ਵੀ ਉੱਡ ਪਿਆ ਅਤੇ ਸਾਰਾ ਦਿਨ ਦੋਵੇਂ ਹੈਲੀਕਾਪਟਰ ਅੱਗੜ-ਪਿੱਛੜ ਅਸਮਾਨ ਵਿੱਚ ਉਡਾਰੀਆਂ ਦੇ ਬਾਅਦ ਕਾਗਜ਼ ਦਾਖਲ ਕਰਨ ਦਾ ਸਮਾਂ ਮੁੱਕਣ ਤੋਂ ਕੁਝ ਪਲ ਪਹਿਲਾਂ ਸੋਨੀਆ ਗਾਂਧੀ ਕਰਨਾਟਕ ਦੇ ਬੇਲਾਰੀ ਹਲਕੇ ਵਿੱਚ ਚੋਣ ਅਧਿਕਾਰੀ ਕੋਲ ਕਾਗਜ਼ ਭਰਨ ਜਾ ਪਹੁੰਚੀ ਸੀ। ਉਹ ਅਜੇ ਕਾਗਜ਼ ਭਰਦੀ ਪਈ ਸੀ ਕਿ ਚੋਣ ਅਫਸਰ ਦੇ ਦਰਵਾਜ਼ੇ ਮੂਹਰੇ ਕਾਗਜ਼ ਭਰਨ ਵਾਸਤੇ ਸੁਸ਼ਮਾ ਸਵਰਾਜ ਆ ਖੜੋਤੀ ਅਤੇ ਓਥੇ ਉਨ੍ਹਾਂ ਦੋਵਾਂ ਦਾ ਇਹੋ ਜਿਹਾ ਚੋਣ ਭੇੜ ਹੋਇਆ ਸੀ ਕਿ ਸੋਨੀਆ ਗਾਂਧੀ ਲਈ ਬਾਕੀ ਦੇਸ਼ ਵਿੱਚ ਜਾਣਾ ਔਖਾ ਹੋਇਆ ਰਿਹਾ ਸੀ। ਇਸ ਵਾਰੀ ਭਾਜਪਾ ਲੀਡਰਸ਼ਿਪ ਫਿਰ ਓਦਾਂ ਦੀ ਤਿਆਰੀ ਵਿੱਚ ਹੈ ਤੇ ਪ੍ਰਿਅੰਕਾ ਗਾਂਧੀ ਅਤੇ ਰਾਹੁਲ ਗਾਂਧੀ ਦੋਵਾਂ ਨੂੰ ਬੁਰੀ ਤਰ੍ਹਾਂ ਘੇਰਿਆ ਜਾਣਾ ਤੈਅ ਸੁਣਿਆ ਜਾਂਦਾ ਹੈ। ਉਸ ਹਾਲਤ ਵਿੱਚ ਕਾਂਗਰਸ ਪਾਰਟੀ ਲਈ ਜ਼ਰੂਰੀ ਹੈ ਕਿ ਉਹ ਆਪਣੇ ਆਪ ਨੂੰ ਮੁਨੱਵਰ ਰਾਣਾ ਦੇ ਕਹੇ ਹੋਏ ਸ਼ਬਦਾਂ ਮੁਤਾਬਕ 'ਖੁਦ ਕੋ ਸ਼ਹਿਜ਼ਾਦੀ' ਸਮਝਣ ਅਤੇ ਪ੍ਰਚਾਰਨ ਦੇ ਵਹਿਮ ਤੋਂ ਬਾਹਰ ਨਿਕਲੇ। ਜਿਹੜੇ ਹਾਲਾਤ ਦੇਸ਼ ਦੇ ਬਣਦੇ ਜਾਂਦੇ ਹਨ, ਇਨ੍ਹਾਂ ਸਾਰੇ ਪੱਖਾਂ ਬਾਰੇ ਕਾਂਗਰਸ ਪਾਰਟੀ ਦੇ ਨਾਲ ਉਨ੍ਹਾਂ ਸਭਨਾਂ ਸਿਆਸੀ ਧਿਰਾਂ ਲਈ ਸੋਚਣ ਦੀ ਜ਼ਿਮੇਵਾਰੀ ਵੀ ਹਨ, ਜਿਨ੍ਹਾਂ ਦੀ ਨਜ਼ਰ ਆਪਣੇ ਪੈਰਾਂ ਤੱਕ ਸੀਮਤ ਨਹੀਂ। ਭਵਿੱਖ ਦਾ ਭਾਰਤ ਕਿਹੋ ਜਿਹਾ ਹੋਵੇਗਾ, ਇਸ ਵਾਰ ਦੀਆਂ ਲੋਕ ਸਭਾ ਚੋਣਾਂ ਉਸ ਆਖਰੀ ਫੈਸਲੇ ਦੀ ਘੜੀ ਵੀ ਸਾਬਤ ਹੋ ਸਕਦੀਆਂ ਹਨ।


CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.

Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Drug and Alcohol Test
Capital DRUG TESTING
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.



Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


## ਬਿਨ੍ਹਾਂ ਤਣਾਅ ਤੋਂ ਕਿਵੇਂ ਕਰੀਏ ਇਮਤਿਹਾਨਾਂ ਦੀ ਤਿਆਰੀ

-ਗੁਰਪ੍ਰੀਤ ਕੌਰ ਲੇਘਾ




ਵਿਦਿਆਰਥੀ ਜੀਵਨ ਵਿੱਚ ਪੜ੍ਹਾਈ ਦਾ ਬਹੁਤ ਮਹੱਤਵ ਹੁੰਦਾ ਹੈ।

ਪੜ੍ਹਾਈ ਹੀ ਮਨੁੱਖ ਨੂੰ ਮਨੁੱਖ ਹੋਣਾ ਸਿਖਾਉਂਦੀ ਹੈ। ਪੜ੍ਹਾਈ ਦੇ ਦੌਰਾਨ ਇਮਤਿਹਾਨ ਅਹਿਮ ਸਥਾਨ ਰੱਖਦੇ ਹਨ। ਵਿਦਿਆਰਥੀਆਂ ਵਿੱਚ ਅਕਸਰ ਹੀ ਇਮਤਿਹਾਨਾਂ ਨੂੰ ਲੈ ਕੇ ਤਣਾਅ ਬਣਿਆਂ ਰਹਿੰਦਾ ਹੈ।

ਇਮਤਿਹਾਨਾਂ ਦੇ ਦੌਰਾਨ ਪੜ੍ਹਾਈ ਕਰਨ ਦੇ ਕੁਝ ਤਰੀਕਿਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦੇ ਹਾਂ ਜਿਨ੍ਹਾਂ ਨਾ਼ਲ ਤੁਸੀਂ ਤਣਾਅ ਮੁਕਤ ਹੋ ਕੇ ਆਪਣੀ ਪ੍ਰੀਖਿਆ ਦੀ ਤਿਆਰੀ ਕਰ ਸਕਦੇ ਹੋ।

### ਡੇਟਸ਼ੀਟ

ਸਭ ਤੋਂ ਪਹਿਲਾਂ ਤਾਂ ਇਹ ਜ਼ਰੂਰੀ ਹੈ ਕਿ ਜੇਕਰ ਤੁਹਾਡੇ ਪੇਪਰਾਂ ਦੀ ਡੇਟਸ਼ੀਟ ਆ ਗਈ ਹੈ ਤਾਂ ਸਭ ਤੋਂ ਪਹਿਲਾਂ ਉਸਨੂੰ ਉਸ ਦੀਵਾਰ 'ਤੇ ਚਿਪਕਾ ਲਓ ਜਿੱਥੇ ਬੈਠ ਕੇ ਤੁਸੀਂ ਪੜ੍ਹਦੇ ਹੋ।

ਉਸ ਉਪਰੰਤ ਡੇਟਸ਼ੀਟ ਵਿੱਚ ਉਹਨਾਂ ਵਿਸ਼ਿਆਂ ਵੱਲ ਖਾਸ ਧਿਆਨ ਦਿਓ ਜਿਨ੍ਹਾਂ ਵਿੱਚ ਕੋਈ ਛੁੱਟੀ ਨਹੀਂ ਹੈ ਜਾਂ ਸਿਰਫ ਇੱਕ ਛੁੱਟੀ ਹੋਵੇ। ਉਹਨਾਂ ਵਿਸ਼ਿਆਂ ਨੂੰ ਪੇਪਰਾਂ ਦੇ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਾਫੀ ਹੱਦ ਤੱਕ ਪੰਜਾਹ ਫੀਸਦੀ ਤਿਆਰੀ ਕਰ ਲਓ।

ਉਸ ਉਪਰੰਤ ਡੇਟਸ਼ੀਟ ਅਨੁਸਾਰ ਜੋ ਪੇਪਰ ਪਹਿਲਾ ਹੈ ਉਸਦੀ ਤਿਆਰੀ ਘੱਟੋ-ਘੱਟ ਦੋ ਤਿੰਨ ਦਿਨ ਪਹਿਲਾਂ ਸ਼ੁਰੂ ਕਰ ਦਿਓ। ਇਸੇ ਤਰ੍ਹਾਂ ਅਗਲੇ ਪੇਪਰਾਂ ਦੀ ਤਿਆਰੀ ਕਰਦੇ ਰਹੋ।

ਪੜ੍ਹਾਈ ਕਰਨ ਲਈ ਬੈਠਣ ਦਾ ਤਰੀਕਾ

ਪੜ੍ਹਾਈ ਕਰਨ ਵੇ਼ਲੇ ਕਦੇ ਵੀ ਬੈੱਡ ਜਾਂ ਬਿਸਤਰ 'ਤੇ ਬੈਠ ਕੇ ਨਾ ਪੜ੍ਹੋ।

ਹਮੇਸ਼ਾ ਕੁਰਸੀ 'ਤੇ ਬੈਠ ਕੇ ਅਤੇ ਪੁਸਤਕ ਨੂੰ ਮੇਜ਼ 'ਤੇ ਰੱਖ ਕੇ ਪੜ੍ਹੋ। ਕਿਉਂਕਿ ਬੈੱਡ ਤੇ ਬੈਠ ਕੇ ਪੜ੍ਹਨ ਨਾ਼ਲ ਪੜ੍ਹਾਈ ਦੌਰਾਨ ਆਲਸ ਪੈਦਾ ਹੁੰਦੀ ਹੈ ਨੀਂਦ ਜਲਦੀ ਆ ਜਾਂਦੀ ਹੈ।

### ਰਾਤ ਦਾ ਭੋਜਨ

ਇਮਤਿਹਾਨਾਂ ਦੇ ਸਮੇਂ ਸ਼ਾਮ ਦੇ ਭੋਜਨ ਦੀ ਮਾਤਰਾ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ ਕਿਉਂਕਿ ਜੇਕਰ ਅਸੀਂ ਭੋਜਨ ਜ਼ਿਆਦਾ ਮਾਤਰਾ ਵਿੱਚ ਖਾ ਲੈਂਦੇ ਹਾਂ ਤਾਂ ਸਾਨੂੰ ਨੀਂਦ ਜਲਦੀ ਆਉਣ ਲੱਗ ਜਾਂਦੀ ਹੈ। ਇਸ ਲਈ ਰਾਤ ਦਾ ਭੋਜਨ ਬਹੁਤ ਹਲਕਾ ਜਾਂ ਘੱਟ ਮਾਤਰਾ ਵਿੱਚ ਖਾਓ ਅਤੇ ਜੇ ਸੰਭਵ ਹੋ ਸਕੇ ਤਾਂ ਰਾਤ ਦਾ ਖਾਣਾ ਸ਼ਾਮ ਛੇ ਵਜੇ ਦੇ ਨੇੜੇ ਹੀ ਖਾ ਲੈਣਾ ਚਾਹੀਦਾ ਹੈ ਇਸ ਨਾਲ ਸ਼ਰੀਰ ਨੂੰ ਵੀ ਲਾਭ ਮਿਲਦਾ ਹੈ ਅਤੇ ਤੁਸੀਂ ਵਧੇਰੇ ਸਮੇਂ ਤੱਕ ਪੜ੍ਹਾਈ ਵੀ ਕਰ ਸਕਦੇ ਹੋ। ਇਸ ਲਈ ਪੇਪਰਾਂ ਦੇ ਦੌਰਾਨ ਰਾਤ ਦਾ ਖਾਣਾ ਜਲਦੀ ਖਾਓ ਅਤੇ ਥੋੜ੍ਹਾ ਖਾਓ।

### ਸਵੇਰੇ ਜਲਦੀ ਉੱਠਣਾ

ਪੇਪਰਾਂ ਦੇ ਦੌਰਾਨ ਜਿੱਥੇ ਵਿਦਿਆਰਥੀ ਦਿਨ ਨੂੰ ਵੀ ਪੜ੍ਹਾਈ ਕਰਦੇ ਹਨ ਅਤੇ ਰਾਤ ਨੂੰ ਵੀ ਪੜ੍ਹਦੇ ਹਨ। ਉੱਥੇ ਹੀ ਪੜ੍ਹਨ ਦਾ ਸਭ ਤੋਂ ਚੰਗਾ ਸਮਾਂ ਸਵੇਰੇ ਜਲਦੀ ਉੱਠ ਕੇ ਪੜ੍ਹਨ ਦਾ ਮੰਨਿਆਂ ਜਾਂਦਾ ਹੈ। ਇੱਕ ਤਾਂ ਰਾਤ ਦੀ ਨੀਂਦ ਤੋਂ ਬਾਅਦ ਸਵੇਰੇ ਦਿਮਾਗ ਪੂਰੀ ਤਰ੍ਹਾਂ ਅਰਾਮ ਲੈ ਚੁੱਕਿਆ ਹੁੰਦਾ ਹੈ ਅਤੇ ਦੂਜਾ ਸਵੇਰੇ ਪੜ੍ਹਿਆ ਯਾਦ ਵੀ ਜਲਦੀ ਹੁੰਦਾ ਹੈ। ਰਾਤੀ ਸਮੇਂ ਨਾ਼ਲ ਸੌਂ ਕੇ ਸਵੇਰੇ ਜਲਦੀ ਉੱਠਣਾ ਸਿਹਤ ਲਈ ਵੀ ਲਾਭਕਾਰੀ ਹੈ।

### ਸਿਲੇਬਸ ਨੂੰ ਵੰਡਣਾ

ਜਦੋਂ ਇੱਕ ਵਿਸ਼ੇ ਦੇ ਪੇਪਰ ਦੀ ਤਿਆਰੀ ਕਰ ਰਹੇ ਹੋਵੋਂ ਤਾਂ ਤੁਹਾਨੂੰ ਇਸ ਗੱਲ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ ਕਿ ਤੁਹਾਡੇ ਕੋ਼ਲ ਸਿਲੇਬਸ ਵਿੱਚ ਕੀ ਕੀ ਹੈ। ਉਸ ਦੇ ਨਾ਼ਲ ਨਾ਼ਲ ਇਸ ਗੱਲ ਦਾ ਵੀ ਧਿਆਨ ਰੱਖੋ ਕਿ ਉਸ ਸਿਲੇਬਸ ਨੂੰ ਪੜ੍ਹਨ ਲਈ ਯਾਦ ਕਰਨ ਲਈ ਤੁਹਾਡੇ ਕੋ਼ਲ ਮੌਜੂਦ ਸਮਾਂ ਕਿੰਨਾ ਹੈ। ਉਸ ਸਿਲੇਬਸ ਵਿੱਚੋਂ ਤੁਹਾਨੂੰ ਪਹਿਲਾਂ ਜੋ ਯਾਦ ਹੈ ਉਸ ਨੂੰ ਆਪਣੇ ਸਿਲੇਬਸ ਤੇ ਪੈਨਸਿਲ ਨਾ਼ਲ ਟਿੱਕ ਕਰ ਲਓ। ਜੋ ਸਿਲੇਬਸ ਬਾਕੀ ਹੈ ਉਸ ਨੂੰ ਪੜ੍ਹਦੇ ਜਾਓ ਅਤੇ ਜੋ ਜੋ ਯਾਦ ਹੋ ਰਿਹਾ ਹੈ ਉਸਨੂੰ ਸਿਲੇਬਸ ਤੇ ਟਿੱਕ ਕਰਦੇ ਜਾਓ। ਇਸ ਤਰ੍ਹਾਂ ਤੁਸੀਂ ਇੱਕ ਵਿਸ਼ੇ ਦਾ ਸਾਰਾ ਸਿਲੇਬਸ ਯਾਦ ਕਰ ਲੈਣਾ ਹੈ।

### ਯਾਦ ਕਰਨ ਦਾ ਢੰਗ

ਸਿਲੇਬਸ ਅਨੁਸਾਰ ਆਪਣੇ ਵਿਸ਼ੇ ਨੂੰ ਯਾਦ ਕਰਨ ਦੇ ਦੋ ਚੰਗੇ ਤਰੀਕੇ ਹਨ

*ਇੱਕ ਯਾਦ ਕਰਕੇ ਉਸਨੂੰ ਕਿਸੇ ਕਾਪੀ ਤੇ ਲਿਖ ਕੇ ਦੇਖਣਾ

*ਦੂਜਾ ਯਾਦ ਕੀਤੇ ਨੂੰ ਆਪਣੇ ਕਿਸੇ ਸਾਥੀ ਜਾਂ ਭੈਣ ਭਰਾ ਨੂੰ ਸੁਣਾਉਣਾ।

ਤੁਸੀਂ ਕੋਈ ਵੀ ਤਰੀਕਾ ਅਪਣਾ ਸਕਦੇ ਹੋਂ। ਜੇਕਰ ਸਮਾਂ ਘੱਟ ਹੈ ਤਾਂ ਤੁਸੀਂ ਯਾਦ ਕਰਕੇ ਸੁਣਾਉਣ ਵਾ਼ਲਾ ਤਰੀਕਾ ਵਰਤ ਸਕਦੇ ਹੋਂ। ਜੇਕਰ ਸਮਾਂ ਜ਼ਿਆਦਾ ਹੋਵੇ ਤਾਂ ਕਾਪੀ ਤੇ ਲਿਖ ਕੇ ਵੇਖ ਲੈਣਾ ਚੰਗਾ ਤਰੀਕਾ ਹੋਵੇਗਾ।

ਇੱਕ ਵਾਰ ਜੋ ਯਾਦ ਹੋ ਗਿਆ ਜਾਂ ਲਿਖ ਕੇ ਵੇਖਿਆਂ ਜੇਕਰ ਲਗਦਾ ਹੈ ਕਿ ਇਹ ਤੁਹਾਨੂੰ ਚੰਗੀ ਤਰ੍ਹਾਂ ਆ ਗਿਆ ਹੈ ਤਾਂ ਉਸਨੂੰ ਵਾਰ ਵਾਰ ਪੜ੍ਹਨ ਦੀ ਲੋੜ ਨਹੀਂ ਹੈ। ਇਸ ਉਪਰੰਤ ਜੋ ਸਿਲੇਬਸ ਔਖਾ ਲਗਦਾ ਹੈ ਉਸਨੂੰ ਪੜ੍ਹੋ ਅਤੇ ਵਾਰ ਵਾਰ ਲਿਖ ਕੇ ਵੇਖੋ।

### ਤਣਾਅ ਮੁਕਤ ਹੋਣਾ

ਲਗਾਤਾਰ ਪੜ੍ਹਾਈ ਕਰਨ ਨਾ਼ਲ ਦਿਮਾਗ ਅਤੇ ਸ਼ਰੀਰ ਦੋਵੇਂ ਥਕਾਵਟ ਮਹਿਸੂਸ ਕਰਨ ਲਗਦੇ ਹਨ। ਇਸ ਲਈ ਇੱਕ ਘੰਟਾ ਜਾਂ ਡੇਢ ਘੰਟੇ ਦੀ ਲਗਾਤਾਰ ਪੜ੍ਹਾਈ ਤੋਂ ਬਾਅਦ ਦਸ ਮਿੰਟ ਲਈ ਖੁਦ ਨੂੰ ਅਰਾਮ ਦਿਓ। ਇਸ ਅਰਾਮ ਦੇ ਸਮੇਂ ਵਿੱਚ ਤੁਸੀਂ ਚਾਹ ਪਾਣੀ ਪੀ ਸਕਦੇ ਹੋ, ਥੋੜ੍ਹੀ ਸੈਰ ਕਰ ਸਕਦੇ ਹੋ, ਕੋਈ ਯੋਗ ਆਸਣ ਕਰ ਸਕਦੇ ਹੋਂ। ਵਿਸ਼ਰਾਮ ਮਿਲਣ ਨਾ਼ਲ ਦਿਮਾਗ ਤਰੋ - ਤਾਜ਼ਾ ਹੋ ਜਾਂਦਾ ਹੈ। ਇਸ ਤਰ੍ਹਾਂ ਤੁਸੀਂ ਤਾਜ਼ਾ ਮਹਿਸੂਸ ਕਰੋਂਗੇ ਅਤੇ ਫਿਰ ਤੋਂ ਦੁਬਾਰਾ ਪੜ੍ਹਾਈ ਲਈ ਬੈਠ ਜਾਓ ਅਤੇ ਫਿਰ ਤੋਂ ਇੱਕ ਜਾਂ ਦੋ ਘੰਟੇ ਦੀ ਪੜ੍ਹਾਈ ਕਰੋ।

### ਫੋਨ ਤੋਂ ਗੁਰੇਜ਼

ਪੇਪਰਾਂ ਦੌਰਾਨ ਜਿੰਨਾ ਸੰਭਵ ਹੋ ਸਕੇ ਮੋਬਾਈਲ ਫੋਨ ਦੀ ਵਰਤੋਂ ਬਿਲਕੁਲ ਬੰਦ ਕਰ ਦਿਓ। ਕਿਉਂਕਿ ਜੇਕਰ ਮੋਬਾਈਲ ਤੁਹਾਡੇ ਕੋ਼ਲ ਹੋਵੇਗਾ ਤਾਂ ਤੁਸੀਂ ਵਾਰ-ਵਾਰ ਇਸਨੂੰ ਵੇਖੋਂਗੇ। ਜਿੱਥੇ ਇਹ ਤੁਹਾਡਾ ਸਮਾਂ ਖਰਾਬ ਕਰੇਗਾ ਉੱਥੇ ਹੀ ਤੁਹਾਡੀ ਨਿਗਾ ਤੇ ਵੀ ਅਸਰ ਪਾਵੇਗਾ ਅਤੇ ਦਿਮਾਗੀ ਥਕਾਵਟ ਦਾ ਕਾਰਨ ਵੀ ਬਣੇਗਾ।

ਇਸ ਤਰ੍ਹਾਂ ਆਪਣੇ ਖਾਣ ਪੀਣ, ਪੜ੍ਹਾਈ ਦੇ ਚੰਗੇ ਤਰੀਕਿਆਂ ਨਾ਼ਲ, ਸਵੇਰੇ ਜਲਦੀ ਉੱਠਣ ਦੀ ਆਦਤ ਪਾ ਕੇ, ਬੈਠ ਕੇ ਪੜ੍ਹਾਈ ਕਰਕੇ, ਸਿਲੇਬਸ ਅਤੇ ਸਮੇਂ ਨੂੰ ਧਿਆਨ ਵਿੱਚ ਰੱਖ ਕੇ ਤੁਸੀਂ ਆਪਣੇ ਇਮਤਿਹਾਨਾਂ ਵਿੱਚ ਵਧੀਆ ਨੰਬਰ ਪ੍ਰਾਪਤ ਕਰ ਸਕਦੇ ਹੋ।




# ਲਾਇਨਜ਼ ਕਲੱਬ ਮੋਗਾ ਸਿਟੀ ਦੇ ਸਹਿਯੋਗ ਨਾਲ 19ਵਾਂ ਸਲਾਨਾ ਅੱਖਾਂ ਦਾ ਮੁਫ਼ਤ ਕੈਂਪ ਲਗਾਇਆ









ਮੋਗਾ, 18 ਫਰਵਰੀ (ਪੋਸਟ ਬਿਊਰੋ): ਪਿਛਲੇ ਦਿਨੀਂ ਕੈਨੇਡਾ ਦੇ ਨਾਮਵਰ ਸਮਾਜ ਸੇਵੀ, ਬਿਜਨਸਮੈਨ ਅਤੇ ਮਾਂ ਬੋਲੀ ਪੰਜਾਬੀ ਦੀ ਸੇਵਾ ਨੂੰ ਸਮਰਪਿਤ ਸ.ਦਲਜੀਤ ਸਿੰਘ ਗੈਦੂ ਤੇ ਸਮੂਹ ਪਰਿਵਾਰ ਵੱਲੋਂ ਅਪਣੇ ਮਾਤਾ ਪਿਤਾ ਸ. ਤੀਰਥ ਸਿੰਘ ਗੈਦੂ ਅਤੇ ਸਰਦਾਰਨੀ ਹਰਦਿਆਲ ਕੌਰ ਗੈਦੂ ਦੀ ਯਾਦ ਵਿੱਚ ਅਪਣੇ ਜੱਦੀ ਪਿੰਡ ਜੈ ਸਿੰਘ ਵਾਲਾ (ਮੋਗਾ) ਵਿਖੇ 19ਵਾਂ ਸਲਾਨਾ ਅੱਖਾਂ ਦੀ ਜਾਂਚ ਅਤੇ ਅਪਰੇਸ਼ਨ ਦਾ ਮੁਫ਼ਤ ਕੈਂਪ ਲਾਇਨਜ਼ ਕਲੱਬ ਮੋਗਾ ਸਿਟੀ ਦੇ ਸਹਿਯੋਗ ਨਾਲ ਲਗਵਾਇਆ ਗਿਆ ਜਿਸ ਵਿੱਚ ਪਿੰਡ ਦੇ ਪਤਵੰਤੇ ਸੱਜਨਾਂ ਨੇ ਵੀ ਵੱਧ ਚੜ ਕੇ ਸਹਿਯੋਗ ਦਿੱਤਾ। ਸਵੇਰ ਤੋਂ ਹੀ ਆਏ ਮਰੀਜ਼ਾਂ ਲਈ ਚਾਹ, ਸਨੈਕਸ ਦਾ ਲੰਗਰ ਲਗਾਤਾਰ ਚੱਲਦਾ ਰਿਹਾ। ਲਾਇਨਜ ਹਸਪਤਾਲ ਦੇ ਪ੍ਰਸਿੱਧ ਅੱਖਾਂ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਆਏ ਮਰੀਜ਼ਾਂ ਦੀਆਂ ਅੱਖਾਂ ਦਾ ਅਧੁਨਿਕ ਤਰੀਕੇ ਨਾਲ ਚੈੱਕ ਅਪ ਕੀਤਾ। ਤਕਰੀਬਨ 150 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕ ਅਪ ਕਰਕੇ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ ਅਤੇ ਤਕਰੀਬਨ 16 ਮਰੀਜ਼ਾਂ ਨੂੰ ਅਪਰੇਸ਼ਨ ਕਰਨ ਦੀ ਤਾਰੀਖ ਦਿੱਤੀ ਗਈ। ਦਲਜੀਤ ਸਿੰਘ ਗੈਦੂ ਪਰਿਵਾਰ ਵੱਲੋਂ ਅਤੇ ਲਾਇਨਜ ਕਲੱਬ ਮੋਗਾ ਸਿਟੀ ਦੇ ਮੈਂਬਰਾਂ ਵੱਲੋਂ ਮਰੀਜ਼ਾਂ ਦੇ ਬੈਠਣ ਅਤੇ ਚੈੱਕ ਅਪ ਕਰਾਉਣ ਵਿੱਚ ਪੂਰਾ ਸਹਿਯੋਗ ਦਿੱਤਾ ਗਿਆ। ਨੇੜਲੇ ਪਿੰਡਾਂ ਤੋਂ ਵੀ ਵੱਡੀ ਗਿਣਤੀ ਵਿੱਚ ਮਰੀਜ਼ ਅੱਖਾਂ ਚੈੱਕ ਕਰਾਉਣ ਲਈ ਪਹੁੰਚੇ ਹੋਏ ਸਨ। ਇਸ ਮੌਕੇ ਲਾਇਨ ਕਲੱਬ ਮੋਗਾ ਸਿਟੀ ਦੇ ਪ੍ਰਧਾਨ ਲਾਇਨ ਅਸ਼ੋਕ ਕੁਮਾਰ ਗਰਗ ਅਤੇ ਸਕਾਈਡੌਮ ਗਰੁੱਪ ਦੇ ਮਾਲਕ ਦਲਜੀਤ ਸਿੰਘ ਗੈਦੂ ਤੋਂ ਇਲਾਵਾ ਲਾਇਨ ਸੁਰਿੰਦਰਜੀਤ ਸਿੰਘ ਸੋਢੀ, ਲਾਇਨ ਬਲਵੰਤ ਸਿੰਘ ਝੰਡੇਆਣਾ, ਪ੍ਰੋਜੈਕਟ ਚੇਅਰਮੈਨ ਲਾਇਨ ਹਰਨੇਕ ਸਿੰਘ ਹਾਈਟੋਨ, ਲਾਇਨ ਬਲਦੇਵ ਸਿੰਘ, ਲਾਇਨ ਗੁਰਬੀਰ ਸਿੰਘ ਜੱਸਲ, ਲਾਇਨ ਹਰਪਾਲ ਸਿੰਘ ਮੱਕੜ, ਲਾਇਨ ਅਜੀਤਪਾਲ ਸਿੰਘ, ਲਾਇਨ ਰਣਜੀਤ ਸਿੰਘ ਬੰਟੀ ਵੀ ਹਾਜ਼ਰ ਸਨ। ਇਹਨਾਂ ਤੋਂ ਇਲਾਵਾ ਚਰਨਜੀਤ ਸਿੰਘ ਝੰਡੇਆਣਾ, ਸੋਹਨ ਸਿੰਘ ਦੁਸਾਂਝ ਅਤੇ ਨਾਭਾ ਤੋਂ ਜਰਨੈਲ ਸਿੰਘ ਮਠਾੜੂ ਬਲਦੇਵ ਸਿੰਘ ਗੈਦੂ ਗੁਰਮੇਲ ਸਿੰਘ ਗੈਦੂ ਲਖਵੀਰ ਸਿੰਘ ਪ੍ਰਿੰਸ ਗੈਦੂ ਸਤਿਨਾਮ ਸਿੰਘ ਗੈਦੂ ਰਜਿੰਦਰ ਸਿੰਘ ਸੰਧੂ ਮਨਜੀਤ ਸਿੰਘ ਮਾਲੜਾ ਅਤੇ ਗਰਾਮ ਪੰਚਾਇਤ ਦੇ ਮੈਂਬਰ ਵੀ ਸ਼ਾਮਿਲ ਹੋਕੇ ਅਪਣੀ ਹਾਜ਼ਰੀ ਲਗਵਾਈ। ਕੈਂਪ ਦੇ ਦੀ ਸਮਾਪਤੀ ਉਪਰੰਤ ਆਏ ਸਾਰੇ ਮਰੀਜ਼ਾਂ ਅਤੇ ਪਤਵੰਤੇ ਸੱਜਣਾਂ ਲਈ ਗੈਦੂ ਪਰਿਵਾਰ ਵੱਲੋਂ ਬਹੁਤ ਹੀ ਸਵਾਦਿਸ਼ਟ ਭੋਜਨ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਆਏ ਸਾਰੇ ਡਾਕਟਰਾਂ ਦੀ ਟੀਮ ਦਾ ਅਤੇ ਹਾਜ਼ਰ ਪਤਵੰਤੇ ਸੱਜਣਾਂ ਦਾ ਕੈਂਪ ਵਿੱਚ ਸਹਿਯੋਗ ਦੇਣ ਲਈ ਤਹਿ ਦਿਲ ਤੋਂ ਧੰਨਵਾਦ ਵੀ ਕੀਤਾ।



# ਅਮਰੀਕਾ ਦੇ ਆਬਕਾ ਰਾਸ਼ਟਰਪਤੀ ਡੋਨਾਲਡ ਟਰੰਪ ’ਤੇ 2946 ਕਰੋੜ ਰੁਪਏ ਦਾ ਜ਼ੁਰਮਾਨਾ, ਕਾਰੋਬਾਰਾਂ ’ਤੇ 3 ਸਾਲ ਲਈ ਲੱਗੀ ਪਾਬੰਦੀ

ਨਿਊਯਾਰਕ, 18 ਫਰਵਰੀ (ਪੋਸਟ ਬਿਊਰੋ): ਨਿਊਯਾਰਕ ਕੋਰਟ ਨੇ ਸਾਬਕਾ ਅਮਰੀਕੀ ਰਾਸ਼ਟਰਪਤੀ ਸਾਬਕਾ ਡੋਨਾਲਡ ਟਰੰਪ ‘ਤੇ 2,946 ਕਰੋੜ ਰੁਪਏ ਦਾ ਜ਼ੁਰਮਾਨਾ ਲਗਾਇਆ ਹੈ। ਇਸਦੇ ਨਾਲ ਹੀ ਟਰੰਪ ਦੇ ਸਾਰੇ ਕਾਰੋਬਾਰਾਂ ‘ਤੇ 3 ਸਾਲ ਲਈ ਪਾਬੰਦੀ ਲਗਾ ਦਿੱਤੀ ਗਈ ਹੈ। ਟਰੰਪ ਖ਼ਿਲਾਫ਼ ਸਿਵਲ ਧੋਖਾਧੜੀ ਮਾਮਲੇ ‘ਚ ਇਹ ਕਾਰਵਾਈ ਕੀਤੀ ਗਈ ਹੈ।



ਡੋਨਾਲਡ ਟਰੰਪ ‘ਤੇ 10 ਕਰੋੜ ਡਾਲਰ ਯਾਨੀ 832 ਕਰੋੜ ਰੁਪਏ ਤੋਂ ਜ਼ਿਆਦਾ ਦਾ ਘਪਲਾ ਕਰਨ ਦਾ ਦੋਸ਼ ਸੀ। ਦੋਸ਼ ਹੈ ਕਿ ਟਰੰਪ ਨੇ ਆਪਣੀ ਜ਼ਮੀਨ ਅਤੇ ਜਾਇਦਾਦ ਬਾਰੇ ਝੂਠੀ ਜਾਣਕਾਰੀ ਦੇ ਕੇ ਆਪਣੀ ਜਾਇਦਾਦ ਵਿੱਚ ਵਾਧਾ ਕੀਤਾ। ਨਿਊਯਾਰਕ ਦੇ ਅਟਾਰਨੀ ਜਨਰਲ ਲੈਟੀਆ ਜੇਮਸ ਨੇ ਟਰੰਪ ਖ਼ਿਲਾਫ਼ ਇਹ ਕੇਸ ਦਾਇਰ ਕੀਤਾ ਹੈ। ਇਸ ਦੀ ਸੁਣਵਾਈ ਜਸਟਿਸ ਆਰਥਰ ਐੱਫ. ਐੈਂਗੋਰੋਨ ਨੇ ਕੀਤੀ।

ਡੋਨਾਲਡ ਟਰੰਪ ‘ਤੇ ਬੈਂਕ ਲੋਨ ਅਤੇ ਘੱਟ ਬੀਮਾ ਪ੍ਰੀਮੀਅਮ ਲੈਣ ਲਈ 2011 ਤੋਂ 2021 ਦਰਮਿਆਨ ਆਪਣੀ ਜਾਇਦਾਦ ਨੂੰ ਵਧਾਉਣ ਦਾ ਦੋਸ਼ ਲਗਾਇਆ ਗਿਆ ਸੀ। ਟਰੰਪ ਨੇ ਆਪਣੀ ਰੀਅਲ ਅਸਟੇਟ ਜਾਇਦਾਦ ਜਿਵੇਂ ਕਿ ਟਰੰਪ ਟਾਵਰ, ਮਾਰ-ਏ-ਲਾਗੋ, ਆਪਣੇ ਦਫਤਰਾਂ ਅਤੇ ਗੋਲਫ ਕਲੱਬਾਂ ਦੀ ਕੀਮਤ ਨੂੰ ਵਧਾ ਦਿੱਤਾ ਅਤੇ ਆਪਣੀ ਕੁੱਲ ਸੰਪਤੀ ਨੂੰ ਲਗਭਗ 18.3 ਹਜ਼ਾਰ ਕਰੋੜ ਰੁਪਏ ਤੱਕ ਵਧਾ ਦਿੱਤਾ।

ਜਨਵਰੀ 2023 ਵਿੱਚ, ਨਿਊਯਾਰਕ ਦੇ ਇੱਕ ਜੱਜ ਨੇ ਟਰੰਪ ਦੇ ਖ਼ਿਲਾਫ਼ ਅਟਾਰਨੀ ਜਨਰਲ ਦੇ ਮੁਕੱਦਮੇ ਨੂੰ ਖਾਰਜ ਕਰਨ ਤੋਂ ਇਨਕਾਰ ਕਰ ਦਿੱਤਾ। ਕੇਸ ਦੀ ਸੁਣਵਾਈ ਲਈ ਅਕਤੂਬਰ 2023 ਦਾ ਮਹੀਨਾ ਚੁਣਿਆ ਗਿਆ ਸੀ। ਅਟਾਰਨੀ ਜਨਰਲ ਜੇਮਸ ਦਾ ਕੇਸ ਸਿਵਲ ਹੈ, ਇਸ ਲਈ ਟਰੰਪ ‘ਤੇ ਅਪਰਾਧਿਕ ਦੋਸ਼ ਨਹੀਂ ਲਗਾਏ ਜਾ ਸਕਦੇ ਹਨ।

ਮਾਮਲੇ ਦੀ ਸੁਣਵਾਈ ਸ਼ੁਰੂ ਹੋਣ ਤੋਂ ਪਹਿਲਾਂ ਟਰੰਪ ਨੇ ਮੀਡੀਆ ਨਾਲ ਗੱਲਬਾਤ ਕੀਤੀ। ਟਰੰਪ ਨੇ ਕਿਹਾ ਸੀ- ਇਹ ਮਾਮਲਾ ਇੱਕ ਘਪਲਾ, ਧੋਖਾਧੜੀ ਅਤੇ ਸਿਆਸੀ ਹਮਲਾ ਹੈ। ਡੈਮੋਕਰੇਟਸ ਆਪਣੇ ਆਪ ਵਿੱਚ ਇੱਕ ਭ੍ਰਿਸ਼ਟ ਅਤੇ ਭਿਆਨਕ ਸੰਗਠਨ ਹਨ। ਜਸਟਿਸ ਆਰਥਰ ਵੀ ਡੈਮੋਕਰੇਟਸ ਪ੍ਰਤੀ ਪੱਖਪਾਤੀ ਹੈ। ਉਨ੍ਹਾਂ ਨੂੰ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ।







